


ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 11 ਫਰਵਰੀ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 238, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਟਰੰਪ ਹੋਏ ਕੈਨੇਡਾ ਨੂੰ ਅਮਰੀਕਾ ਦਾ 51 ਰਾਜ ਬਣਾਉਣ ਲਈ ਗੰਭੀਰ

ਵਾਸ਼ਿੰਗਟਨ,, ਲੋਕ ਬਾਣੀ- ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਕਿ ਉਹ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਰਾਜ ਬਣਾਉਣ ਲਈ ਗੰਭੀਰ ਹਨ। ਟਰੰਪ ਨੇ ਐਤਵਾਰ ਨੂੰ ਸੁਪਰ ਬਾਊਲ ਪ੍ਰੀਸ਼ੋਅ ਦੌਰਾਨ ਪ੍ਰਸਾਰਿਤ ਇੰਟਰਵਿਊ ਦੌਰਾਨ ਇਹ ਦਾਅਵਾ ਕੀਤਾ।

ਟਰੰਪ ਨੇ ਕਿਹਾ, "ਮੈਨੂੰ ਲੱਗਦਾ ਹੈ ਕਿ ਕੈਨੇਡਾ ਜੇ ਅਮਰੀਕਾ ਦਾ 51ਵਾਂ ਰਾਜ ਬਣ ਜਾਵੇ ਤਾਂ ਉਸ ਲਈ ਬਹੁਤ ਚੰਗਾ



ਰਹੇਗਾ ਕਿਉਂਕਿ ਸਾਨੂੰ ਕੈਨੇਡਾ ਨਾਲ ਸਾਲਾਨਾ 200 ਅਰਬ ਡਾਲਰ ਦਾ ਨੁਕਸਾਨ ਹੋ ਰਿਹਾ ਹੈ। ਅਤੇ ਮੈਂ ਇਹ ਨਹੀਂ ਹੋਣ ਦੇਵਾਂਗਾ।

## ਪਾਕਿਸਤਾਨ ਦੀ ਫੋਜ ਨੂੰ ਇਮਰਾਨ ਖਾਨ ਨੇ ਸੰਵਿਧਾਨਕ ਹੱਦਾਂ ਵਿਚ ਰਹਿਣ ਨੂੰ ਕਿਹਾ

ਇਸਲਾਮਾਬਾਦ, ਲੋਕ ਬਾਣੀ-ਜੇਲ੍ਹ ਵਿੱਚ ਬੰਦ ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੇ ਅੱਜ ਫ਼ੌਜ ਮੁਖੀ ਜਨਰਲ ਅਸੀਮ ਮੁਨੀਰ ਨੂੰ ਖੁੱਲ੍ਹਾ ਪੱਤਰ ਲਿਖਿਆ, ਜਿਸ ਵਿੱਚ ਉਨ੍ਹਾਂ ਫ਼ੌਜ ਦੇ ਗੈਰ-ਕਾਨੂੰਨੀ ਕੰਮਾਂ ਅਤੇ ਸਿਆਸਤ ਵਿੱਚ ਉਸ ਦੀ ਸ਼ਮੂਲੀਅਤ ਦੀ ਨਿਖੇਧੀ ਕੀਤੀ ਹੈ। ਇਮਰਾਨ ਨੇ ਫ਼ੌਜ ਨੂੰ 'ਆਪਣੀਆਂ ਸੰਵਿਧਾਨਕ ਹੱਦਾਂ ਵਿੱਚ ਰਹਿਣ' ਦੀ ਅਪੀਲ ਕੀਤੀ ਹੈ। ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਦੇ ਬਾਨੀ ਇਮਰਾਨ



ਨੇ 'ਐਕਸ' 'ਤੇ ਸਾਂਝੇ ਕੀਤੇ ਪੱਤਰ ਵਿੱਚ ਜੇਲ੍ਹ 'ਚ ਉਨ੍ਹਾਂ ਨਾਲ ਦੁਰਵਿਹਾਰ ਕਰਨ ਦਾ ਦੋਸ਼ ਲਾਇਆ।

## ਦੇਸ਼ ਦੀ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਲਗਾਈ ਮਹਾਂਕੁੰਭ ਵਿੱਚ ਡੁਬਕੀ

ਦਿੱਲੀ, ਲੋਕ ਬਾਣੀ - ਰਾਸ਼ਟਰਪਤੀ ਦਰੋਪਦੀ ਮੁਰਮੂ ਮਹਾਕੁੰਭ ਮੇਲਾ 2025 ਵਿਚ ਪਵਿੱਤਰ ਡੁਬਕੀ ਲਗਾਉਣ ਤੋਂ ਬਾਅਦ ਪ੍ਰਯਾਗਰਾਜ ਤੋਂ ਰਵਾਨਾ ਹੋਏ। ਉੱਤਰ ਪ੍ਰਦੇਸ਼ ਦੀ ਰਾਜਪਾਲ ਆਨੰਦੀਬੇਨ ਪਟੇਲ ਅਤੇ ਮੁੱਖ ਮੰਤਰੀ ਯੋਗੀ



ਆਦਿਤਿਆਨਾਥ ਵੀ ਉਨ੍ਹਾਂ ਦੇ ਨਾਲ ਹਨ।

## ਪੰਜਾਬ ਦੀ ਇਹ ਖਿਡਾਰਨ ਸਰਕਾਰ ਦੀ ਅਨਗੇਲੀ ਦਾ ਹੋਈ ਸ਼ਿਕਾਰ

ਧਰਮਕੋਟ, ਲੋਕ ਬਾਣੀ-ਨੰਨ੍ਹੀ ਕਲੀ ਪ੍ਰੋਜੈਕਟ ਅਧੀਨ ਹੋਈਆਂ ਰਾਸ਼ਟਰੀ ਸਕੂਲ ਖੇਡਾਂ ਵਿੱਚ ਨਜ਼ਦੀਕੀ ਪਿੰਡ ਰਾਊਵਾਲਾ ਦੇ ਸ਼ਹੀਦ ਜਿਉਣ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਨੇ ਮਾਣਮੱਤੀ ਪ੍ਰਾਪਤੀ ਕੀਤੀ ਹੈ। ਤਿਲੰਗਾਨਾ ਦੀ ਰਾਜਧਾਨੀ ਹੈਦਰਾਬਾਦ ਵਿਖੇ ਹੋਈਆਂ ਕੌਮੀ ਸਕੂਲ ਖੇਡਾਂ 'ਚ ਇਸ ਵਿਦਿਆਰਥਣ ਸਿਮਰਨ ਕੌਰ ਨੇ ਸ਼ਾਨਦਾਰ ਪ੍ਰਾਪਤੀ ਕੀਤੀ ਹੈ। ਇਨ੍ਹਾਂ ਖੇਡਾਂ ਵਿਚ 19 ਸੂਬਿਆਂ ਦੇ ਖਿਡਾਰੀਆਂ ਨੂੰ ਹਿੱਸਾ



ਲਿਆ।

ਦੂਜੇ ਪਾਸੇ ਇਸ ਖਿਡਾਰਨ ਨੂੰ ਸਰਕਾਰੀ ਪੱਧਰ ਉੱਤੇ ਕੋਈ ਮਾਣ ਸਨਮਾਨ ਨਾ ਮਿਲਣ ਕਾਰਨ ਪਰਿਵਾਰ ਵਿੱਚ ਰੋਸ ਦੇਖਣ ਨੂੰ ਮਿਲ ਰਿਹਾ ਹੈ।

## ਸ਼ੌਮਣੀ ਕਮੇਟੀ ਵਲੋਂ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਖ਼ਤਮ ਕਰਨ ਦੀ ਤਿਆਰੀ

ਚੰਡੀਗੜ੍ਹ, ਵਿਨੋਦ ਸ਼ਰਮਾ-: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਦੀ ਸੋਮਵਾਰ ਨੂੰ ਇਥੇ ਹੋਈ ਮੀਟਿੰਗ ਵਿੱਚ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਨੂੰ ਖ਼ਤਮ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ।

ਅੰਤਰਿੰਗ ਕਮੇਟੀ ਦੀ ਇਹ ਮੀਟਿੰਗ ਅੱਜ ਬਾਅਦ ਦੁਪਹਿਰ 2 ਵਜੇ ਤੋਂ ਬਾਅਦ ਸ਼ੁਰੂ ਹੋਈ ਸੀ। ਇਸ ਮੀਟਿੰਗ



ਦੀ ਪ੍ਰਧਾਨਗੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ।ਅੰਤਰਿੰਗ ਕਮੇਟੀ ਦੀ ਮੀਟਿੰਗ ਵਿੱਚ ਕੀਤੇ ਗਏ

## ਅੱਜ ਹੋਵੇਂਗਾ ਸੇਵਾ ਸਿੱਖ ਸੰਕਲਪ ਵਿਸੇ ਤੇ ਪੰਜਾਬੀ ਕਾਨਫਰੰਸ ਦਾ ਆਗਾਜ਼

ਜਲੰਧਰ, ਲੋਕ ਬਾਣੀ-ਵਿਰਾਸਤ ਪੰਜਾਬ ਮੰਚ ਅਤੇ ਗੁਰੂ ਨਾਨਕ ਸਿੱਖ ਅਧਿਐਨ ਵਿਭਾਗ ਪੰਜਾਬ ਯੂਨੀਵਰਸਿਟੀ ਦੇ ਸਹਿਯੋਗ ਨਾਲ ਤਿੰਨ-ਰੋਜ਼ਾ ਵਿਸ਼ਵ ਪੰਜਾਬੀ ਕਾਨ.ਫ਼ਰੰਸ ਭਲਕੇ 11 ਫ਼ਰਵਰੀ ਤੋਂ 13 ਫਰਵਰੀ ਤੱਕ ਇਥੇ ਪੰਜਾਬ ਯੂਨੀਵਰਸਿਟੀ ਕੈਂਪਸ ਵਿਚ ਸ਼ੁਰੂ ਹੋ ਰਹੀ ਹੈ।ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਅਤੇ ਗੁਰੂ ਰਾਮਦਾਸ ਜੀ ਦੇ 450ਵੇਂ




ਗੁਰਿਆਈ ਦਿਵਸ ਨੂੰ ਸਮਰਪਿਤ 'ਸੇਵਾ ਦਾ ਸਿੱਖ ਸੰਕਲਪ' ਵਿਸ਼ੇ ਸਬੰਧੀ ਇਸ ਕਾਨਫਰੰਸ ਦਾ ਉਦਘਾਟਨ ਯੂਨੀਵਰਸਿਟੀ ਦੇ ਲਾਅ ਆਡੀਟੋਰੀਅਮ ਵਿਖੇ ਸਵੇਰੇ 9.30 ਵਜੇ ਕੀਤਾ ਜਾ ਰਿਹਾ ਹੈ।

## ਪੰਜਾਬ ਵਿੱਚ ਪਵੇਗਾ ਤੇਜ਼ ਮੀਂਹ ਹੋਵੇਗੀ ਠੰਡ

ਜਲੰਧਰ, ਵਿਸ਼ਾਲ ਸ਼ੈਲੀ --ਪੰਜਾਬ ਦੇ ਮੌਸਮ ਨੂੰ ਲੈ ਕੇ ਵਿਭਾਗ ਵੱਲੋਂ ਵੱਡੀ ਅਪਡੇਟ ਸਾਹਮਣੇ ਆਈ ਹੈ। ਦਰਅਸਲ ਆਉਣ ਵਾਲੇ ਦਿਨਾਂ ਚ ਪੰਜਾਬ ਵਿੱਚ ਫਿਰ ਤੋਂ ਠੰਡ ਵੱਧ ਸਕਦੀ ਹੈ, ਇਸ ਦੇ ਨਾਲ ਹੀ ਤਾਪਮਾਨ ਵਧਣ ਦੇ ਅਸਾਰ ਵੀ ਹਨ। ਪੰਜਾਬ ਦੇ ਸਾਰੇ ਸ਼ਹਿਰਾਂ ਵਿੱਚ ਤਾਪਮਾਨ 20 ਡਿਗਰੀ ਨੂੰ ਪਾਰ ਕਰ ਗਿਆ ਹੈ। ਪੱਛਮੀ ਗੜਬੜੀ ਕੱਲ੍ਹ ਤੋਂ ਸਰਗਮ ਹੋ ਗਈ ਹੈ ਪਰ ਪੰਜਾਬ ਦੇ ਮੈਦਾਨੀ ਇਲਾਕਿਆਂ ਚ ਇਸ ਦਾ ਅਸਰ ਵੇਖਣ ਨੂੰ ਨਹੀਂ ਮਿਲੇਗਾ। ਮੌਸਮ ਵਿਭਾਗ ਮੁਤਾਬਕ ਆਉਣ ਵਾਲੇ 5 ਦਿਨਾਂ ਚ



ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੇ ਪਹਾੜੀ ਇਲਾਕਿਆਂ ਚ ਬਰਫ਼ਬਾਰੀ ਹੋਣ ਦੀ ਸੰਭਾਵਨਾ ਹੈ। ਅਜਿਹਾ ਹੋਣ ਤੇ ਮੈਦਾਨੀ ਇਲਾਕਿਆਂ ਵੱਲ ਠੰਡੀਆਂ ਹਵਾਵਾਂ ਚੱਲਣਗੀਆਂ ਅਤੇ ਇਸ ਨਾਲ ਠੰਡ ਵੀ ਵਧੇਗੀ।

## ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਅੱਜ ਅੱਧੇ ਦਿਨ ਦੀ ਛੁੱਟੀ ਦਾ ਐਲਾਨ

ਗੁਰਦਾਸਪੁਰ, ਨਵਨੀਤ ਕੁਮਾਰ --ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਨੇ ਆਮ ਜਨਤਾ ਦੀਆਂ ਧਾਰਮਿਕ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਸਤਿਗੁਰੂ ਸ੍ਰੀ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਉਤਸਵ ਦੇ ਸਬੰਧ ਵਿਚ ਮਿਤੀ 11 ਫਰਵਰੀ 2025 (ਦਿਨ ਮੰਗਲਵਾਰ) ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਸਾਰੇ ਸਰਕਾਰੀ/ਅਰਧ ਸਰਕਾਰੀ ਸਕੂਲਾਂ, ਕਾਲਜਾਂ, ਵਿੱਦਿਅਕ ਸੰਸਥਾਵਾਂ ਵਿਚ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ ਕਰਨ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ




ਮੈਜਿਸਟਰੇਟ ਨੇ ਇੱਥੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਇਹ ਹੁਕਮ ਇਸ ਦਿਨ ਹੋਣ ਵਾਲੀਆਂ ਪ੍ਰੀਖਿਆਵਾਂ ਤੇ ਲਾਗੂ ਨਹੀਂ ਹੋਵੇਗਾ




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਅੰਮ੍ਰਿਤਸਰ ਪੁਲਿਸ ਚੌਂਕੀ ਤੇ ਗ੍ਰਨੇਡ ਸੁੱਟਣ ਵਾਲੇ ਅਰੋਪੀਆਂ ਤੇ ਪੁਲਿਸ ਵਿਚਾਲੇ ਦੇਰ ਰਾਤ ਹੋਇਆ ਮੁਕਾਬਲਾ, ਹਥਿਆਰਾਂ ਸਮੇਤ ਤਿੰਨੋ ਗ੍ਰਿਫ਼ਤਾਰ



ਅੰਮ੍ਰਿਤਸਰ-(ਲੋਕ ਬਾਣੀ) ਅੰਮ੍ਰਿਤਸਰ ਦੇ ਫਤਿਹਗੜ੍ਹ ਚੂੜੀਆਂ ਬਾਈਪਾਸ ਪੁਲਿਸ ਚੌਂਕੀ ਤੇ ਗ੍ਰੇਨੇਡ ਨਾਲ ਹਮਲਾ ਕਰਨ ਵਾਲੇ ਤਿੰਨ ਅੱਤਵਾਦੀਆਂ ਤੇ ਪੁਲਿਸ ਵਿਚਾਲੇ ਐਤਵਾਰ ਰਾਤ 11 ਵਜੇ ਮੁਕਾਬਲਾ ਹੋਇਆ। ਪੁਲਿਸ ਨੇ ਮੁਕਾਬਲੇ ਚ ਤਿੰਨਾਂ ਅਰੋਪੀਆਂ ਨੂੰ ਕਾਬੂ ਕਰ ਲਿਆ ਇਸ ਸਬੰਧੀ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈਸ ਕਾਨਫਰੰਸ ਕਰਕੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੁਲਿਸ ਵੱਲੋਂ ਹੈਪੀ ਪਾਸ਼ੀਆ ਦੇ ਇਸ਼ਾਰਿਆਂ ਤੇ ਕੰਮ ਕਰਨ ਵਾਲੇ ਤਿੰਨ ਆਰੋਪੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਪੁੱਛ ਕਿਸ ਦੌਰਾਨ ਪਤਾ ਚੱਲਿਆ ਕਿ ਜੋ ਫਤਿਹਗੜ੍ਹ ਚੂੜੀਆਂ ਬਾਈਪਾਸ ਤੇ ਸਥਿਤ ਪੁਲਿਸ ਚੌਂਕੀ ਦੇ ਬਾਹਰ ਵਿਸਫੋਟਿਕ ਸਮਗਰੀ ਸੁੱਟੀ ਗਈ ਹੈ ਉਹ ਵੀ ਇਹਨਾਂ ਵਿਅਕਤੀਆਂ ਵੱਲੋਂ ਹੀ ਸੁੱਟੀ ਗਈ ਸੀ। ਅਤੇ ਇਹਨਾਂ ਦੇ ਕੋਲ ਮਾਰੂ ਹਥਿਆਰ ਵੀ ਹਨ ਅਤੇ ਜਦੋਂ ਪੁਲਿਸ ਨੇ ਇਹਨਾਂ ਤੋਂ ਹਥਿਆਰ ਬਰਾਮਦ ਕਰਵਾਉਣ ਲਈ ਇਹਨਾਂ ਨੂੰ ਅਜਨਾਲਾ ਰੋਡ ਤੇ ਲੈ ਕੇ ਗਈ ਤਾਂ ਉੱਥੇ ਇਹਨਾਂ ਆਰੋਪੀਆਂ ਵੱਲੋਂ ਘਬਰਾਹਟ ਦਾ ਬਹਾਨਾ ਲਗਾ ਕੇ ਗੱਡੀ ਚੋਂ ਬਾਹਰ ਆਏ ਅਤੇ ਬਾਅਦ ਵਿੱਚ ਇਹਨਾਂ ਵੱਲੋਂ ਪੁਲਿਸ ਦੇ ਉੱਪਰ ਫਾਇਰਿੰਗ ਕਰਨ ਦੀ ਕੋਸ਼ਿਸ਼ ਕੀਤੀ ਗਈ ਅਤੇ ਪੁਲਿਸ ਅਧਿਕਾਰੀਆਂ ਨੇ ਜਵਾਬੀ ਗੋਲੀਬਾਰੀ ਕਰਕੇ 2 ਅਰੋਪੀਆਂ ਨੂੰ ਜ਼ਖਮੀ ਕਰ ਦਿੱਤਾ ਅਤੇ ਉਸ ਨੂੰ ਤੁਰੰਤ ਹਿਰਾਸਤ ਵਿੱਚ ਲੈ ਲਿਆ, ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਵੱਡੀ ਗਿਣਤੀ ਵਿੱਚ ਹਥਿਆਰ ਬਰਾਮਦ ਕੀਤੇ। ਜਿਸ ਦੇ ਵਿੱਚ ਪੁਲਿਸ ਨੇ ਇੱਕ ਏਕੇ47 ਅਤੇ ਇੱਕ ਪੁਆਇੰਟ 32 ਬੋਰ ਪਿਸਤੌਲ ਵੀ ਬਰਾਮਦ ਕੀਤੀ ਹੈ। ਪੁਲਿਸ ਦਾ ਕਹਿਣਾ ਹੈ ਕਿ ਇਹਨਾਂ ਦੇ ਵਿੱਚੋਂ ਇੱਕ ਨੌਜਵਾਨ ਦਾ ਨਾਂ ਲਵਪ੍ਰੀਤ ਸਿੰਘ ਹੈ ਜਿਸ ਦੇ ਉੱਪਰ ਪਹਿਲਾਂ ਵੀ ਅੰਮ੍ਰਿਤਸਰ ਦੇ ਵਿੱਚ ਹੀ ਮਾਮਲੇ ਦਰਜ ਹਨ। ਫਿਲਹਾਲ ਸਾਰੇ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

# ਆਪ ਸੰਸਦ ਮੈਂਬਰ ਡਾ. ਸੰਦੀਪ ਪਾਠਕ ਨੇ ਪੰਜਾਬ ਵਿੱਚ ਪਾਕਿਸਤਾਨ ਦੇ ਡਰੋਨ ਘੁਸਪੈਠ ਦਾ ਉਠਾਇਆ ਮੁੱਦਾ



(ਲੋਕ ਬਾਣੀ) ਪਾਕਿਸਤਾਨ ਨਾਲ ਲੱਗਦੀ ਪੰਜਾਬ ਦੀ 550 ਕਿਲੋਮੀਟਰ ਲੰਬੀ ਸਰਹੱਦ ਡਰੋਨ ਦੇ ਵਧਦੇ ਖ਼ਤਰਿਆਂ ਦਾ ਸਾਹਮਣਾ ਕਰ ਰਹੀ ਹੈ, ਭਾਰਤ ਨੂੰ ਤੁਰੰਤ ਉੱਨਤ ਐਂਟੀ-ਡਰੋਨ ਤਕਨਾਲੋਜੀ ਦੀ ਲੋੜ ਹੈ- ਡਾ. ਪਾਠਕ

ਨਵੀਂ ਦਿੱਲੀ/ਚੰਡੀਗੜ੍ਹ, 10 ਫਰਵਰੀ- ਆਮ ਆਦਮੀ ਪਾਰਟੀ (ਆਪ) ਦੇ ਰਾਜ ਸਭਾ ਮੈਂਬਰ ਡਾ. ਸੰਦੀਪ ਪਾਠਕ ਨੇ ਅੱਜ ਰਾਜ ਸਭਾ ਸੈਸ਼ਨ ਦੌਰਾਨ ਪਾਕਿਸਤਾਨ ਤੋਂ ਪੰਜਾਬ ਵਿੱਚ ਡਰੋਨ ਘੁਸਪੈਠ ਦੇ ਗੰਭੀਰ ਮੁੱਦੇ ਨੂੰ ਉਜਾਗਰ ਕੀਤਾ। ਜ਼ੀਰੋ ਆਵਰ ਦੌਰਾਨ ਇਸ ਗੰਭੀਰ ਮਸਲੇ ਨੂੰ ਉਠਾਉਂਦੇ ਹੋਏ, ਡਾ. ਪਾਠਕ ਨੇ ਇਸ ਮੁੱਦੇ ਦੇ ਰਾਸ਼ਟਰੀ ਸੁਰੱਖਿਆ ਅਤੇ ਸਰਹੱਦੀ ਖੇਤਰਾਂ ਦੇ ਵਸਨੀਕਾਂ ਦੇ ਰੋਜ਼ਾਨਾ ਜੀਵਨ ਨਾਲ ਸਿੱਧੇ ਸਬੰਧ ਤੇ ਜ਼ੋਰ ਦਿੱਤਾ।

ਡਾ. ਪਾਠਕ ਨੇ ਦੱਸਿਆ ਕਿ ਪੰਜਾਬ ਦੀ ਪਾਕਿਸਤਾਨ ਨਾਲ 550 ਕਿਲੋਮੀਟਰ ਲੰਬੀ ਸਰਹੱਦ ਲਗਦੀ ਹੈ, ਜਿਸ ਕਾਰਨ ਇਹ ਸਰਹੱਦ ਪਾਰ ਡਰੋਨ ਗਤੀਵਿਧੀਆਂ ਲਈ ਬਹੁਤ ਜ਼ਿਆਦਾ ਸੰਵੇਦਨਸ਼ੀਲ ਹੈ। ਉਨ੍ਹਾਂ ਨੇ ਚਿੰਤਾਜਨਕ ਅੰਕੜੇ ਪ੍ਰਗਟ ਕਰਦੇ ਹੋਏ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਭਾਰਤੀ ਖੇਤਰ ਵਿੱਚ ਦਾਖਲ ਹੋਣ ਵਾਲੇ ਡਰੋਨਾਂ ਦੀ ਗਿਣਤੀ ਵਿੱਚ ਕਾਫ਼ੀ ਵਾਧਾ ਹੋਇਆ ਹੈ। 2020 ਵਿੱਚ ਲਗਭਗ 50 ਡਰੋਨਾਂ ਦਾ ਪਤਾ ਲਗਾਇਆ ਗਿਆ ਸੀ। ਇਹ ਗਿਣਤੀ ਹਰ ਸਾਲ ਲਗਾਤਾਰ ਵਧ ਰਹੀ ਹੈ। 2024 ਤੱਕ ਲਗਭਗ 300-350 ਡਰੋਨ ਪਾਕਿਸਤਾਨ ਤੋਂ ਭਾਰਤੀ ਖੇਤਰ ਵਿੱਚ ਦਾਖਲ ਹੁੰਦੇ ਦੇਖੇ ਗਏ ਸਨ।

ਸੰਸਦ ਮੈਂਬਰ ਨੇ ਇਨ੍ਹਾਂ ਡਰੋਨਾਂ ਨੂੰ ਬੇਅਸਰ ਕਰਨ ਵਿੱਚ ਅਸਫਲਤਾ ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਡਾ. ਪਾਠਕ ਨੇ ਕਿਹਾਸੁਰੱਖਿਆ ਬਲ ਇਨ੍ਹਾਂ ਡਰੋਨਾਂ ਦੇ ਸਿਰਫ ਇੱਕ ਛੋਟੇ ਜਿਹੇ ਪ੍ਰਤੀਸ਼ਤ ਨੂੰ ਹੀ ਬੇਅਸਰ ਕਰਨ ਦੇ ਯੋਗ ਹਨ, ਭਾਵ ਜ਼ਿਆਦਾਤਰ ਡਰੋਨ ਭਾਰਤ ਦੀ ਜ਼ਮੀਨ ਤੇ ਉਤਰਦੇ ਹਨ, ਆਪਣੇ ਪੇਲੋਡ ਪਹੁੰਚਾਉਂਦੇ ਹਨ ਅਤੇ ਵਾਪਸ ਉੱਡ ਜਾਂਦੇ ਹਨ ਅਤੇ ਉਨ੍ਹਾਂ ਦੀ ਪਹਿਚਾਣ ਹੀ ਨਹੀਂ ਹੋ ਪਾਉਂਦੀ। ਇਹ ਇੱਕ ਗੰਭੀਰ ਮੁੱਦਾ ਹੈ ਅਤੇ ਤੁਰੰਤ ਕਾਰਵਾਈ ਦੀ ਜ਼ਰੂਰਤ ਨੂੰ ਉਜਾਗਰ ਕਰਦਾ ਹੈ;

ਉਨ੍ਹਾਂ ਨੇ ਇਨ੍ਹਾਂ ਡਰੋਨ ਘੁਸਪੈਠਾਂ ਦੇ ਰਣਨੀਤਕ ਪ੍ਰਭਾਵਾਂ ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਇਹ ਸਿਰਫ਼ ਨਸ਼ੀਲੇ ਪਦਾਰਥਾਂ ਦੀ ਤਸਕਰੀ ਤੱਕ ਸੀਮਿਤ ਨਹੀਂ ਹਨ, ਸਗੋਂ ਸੰਭਾਵੀ ਅੱਤਵਾਦੀ ਗਤੀਵਿਧੀਆਂ ਲਈ ਹਥਿਆਰਾਂ ਅਤੇ ਉਪਕਰਣਾਂ ਦੀ ਢੋਆ-ਢੁਆਈ ਵੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਇਨ੍ਹਾਂ ਡਰੋਨਾਂ ਦੀ ਵਰਤੋਂ ਇੱਕ ਪ੍ਰੌਕਸੀ ਯੁੱਧ ਦੇ ਹਿੱਸੇ ਵਜੋਂ ਕਰ ਰਿਹਾ ਹੈ। ਜੇਕਰ ਇਹ ਬਿਨਾਂ ਰੋਕ-ਟੋਕ ਜਾਰੀ ਰਿਹਾ ਤਾਂ ਇਹ ਰਾਸ਼ਟਰੀ ਸੁਰੱਖਿਆ ਅਤੇ ਸਰਹੱਦੀ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਦੇ ਜੀਵਨ ਲਈ ਇੱਕ ਵੱਡਾ ਖ਼ਤਰਾ ਪੈਦਾ ਕਰ ਸਕਦਾ ਹੈ।

ਡਾ. ਪਾਠਕ ਨੇ ਚੀਨ ਅਤੇ ਤੁਰਕੀ ਵਰਗੇ ਦੇਸ਼ਾਂ ਤੋਂ ਡਰੋਨਾਂ ਦੀ ਦਰਾਮਦ ਕਰਕੇ ਪਾਕਿਸਤਾਨ ਨੂੰ ਮਿਲ ਰਹੇ ਤਕਨੀਕੀ ਲਾਭ ਨੂੰ ਉਜਾਗਰ ਕੀਤਾ, ਜਦੋਂ ਕਿ ਭਾਰਤ ਉੱਨਤ ਐਂਟੀ-ਡਰੋਨ ਤਕਨਾਲੋਜੀ ਵਿਕਸਤ ਕਰਨ ਵਿੱਚ ਪਿੱਛੇ ਹੈ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਨੂੰ ਇਸ ਖਤਰੇ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਤੁਰੰਤ ਉੱਨਤ ਐਂਟੀ-ਡਰੋਨ ਤਕਨਾਲੋਜੀ ਪ੍ਰਾਪਤ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ ਰੱਖਿਆ ਦੀ ਪਹਿਲੀ ਲਾਈਨ ਨੂੰ ਸਿਖਲਾਈ ਦੇਣਾ ਵੀ ਉਨਾ ਹੀ ਮਹੱਤਵਪੂਰਨ ਹੈ।

ਸਰਹੱਦੀ ਪਿੰਡਾਂ ਦੇ ਵਸਨੀਕਾਂ ਨੂੰ ਦਰਪੇਸ਼ ਮੁਸ਼ਕਲਾਂ ਵੱਲ ਧਿਆਨ ਦਿਵਾਉਂਦੇ ਹੋਏ ਡਾ. ਪਾਠਕ ਨੇ ਦੱਸਿਆ ਕਿ ਕਿਵੇਂ ਡਰੋਨਾਂ ਦੇ ਆਉਣ ਨਾਲ ਅਕਸਰ ਪੂਰੇ ਪਿੰਡ ਸੀਲ ਹੋ ਜਾਂਦੇ ਹਨ ਅਤੇ ਸੁਰੱਖਿਆ ਕਾਰਨਾਂ ਕਰਕੇ ਹਰ ਘਰ ਦੀ ਤਲਾਸ਼ੀ ਲਈ ਜਾਂਦੀ ਹੈ। ਉਨ੍ਹਾਂ ਸਰਕਾਰ ਨੂੰ ਡਰੋਨ ਘੁਸਪੈਠ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਅਪਣਾਉਣ ਅਤੇ ਇਸ ਚੁਣੌਤੀ ਨਾਲ ਨਜਿੱਠਣ ਲਈ ਸਹੀ ਹੱਲ ਲਾਗੂ ਕਰਨ ਦੀ ਅਪੀਲ ਕੀਤੀ।

ਡਾ. ਪਾਠਕ ਨੇ ਡਰੋਨਾਂ ਨੂੰ ਬੇਅਸਰ ਕਰਨ ਅਤੇ ਰਾਸ਼ਟਰੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਆਧੁਨਿਕ, ਘੱਟ-ਉਚਾਈ ਵਾਲੀਆਂ ਤਕਨਾਲੋਜੀਆਂ ਅਤੇ ਰਣਨੀਤਕ ਉਪਕਰਣਾਂ ਦੀ ਵਰਤੋਂ ਦੀ ਸਿਫਾਰਸ਼ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਮੁੱਦੇ ਨੂੰ ਹੱਲ ਕਰਨ ਲਈ ਤੇਜ਼ੀ ਨਾਲ ਕਾਰਵਾਈ ਕਰਨੀ ਚਾਹੀਦੀ ਹੈ, ਖਾਸ ਕਰਕੇ ਅੰਮ੍ਰਿਤਸਰ ਅਤੇ ਤਰਨਤਾਰਨ ਵਰਗੇ ਸਰਹੱਦੀ ਖੇਤਰਾਂ ਵਿੱਚ, ਜਿੱਥੇ ਇਨ੍ਹਾਂ ਦਾ ਪ੍ਰਭਾਵ ਸਭ ਤੋਂ ਗੰਭੀਰ ਹੈ।

# ਪਾਕਿਸਤਾਨ ਨੂੰ ਖ਼ੁਫੀਆ ਦਸਤਾਵੇਜ਼ ਭੇਜਣ ਵਾਲਾ ਇੱਕ ਹੋਰ ਫ਼ੌਜੀ ਗ੍ਰਿਫ਼ਤਾਰ



(ਲੋਕ ਬਾਣੀ) ਪਾਕਿਸਤਾਨ ਤੋਂ ਹੈਰੋਇਨ ਦੀਆਂ ਖੇਪਾਂ ਮੰਗਵਾ ਕੇ ਭਾਰਤ ਦੇ ਵੱਖ-ਵੱਖ ਸੂਬਿਆਂ ਵਿੱਚ ਭੇਜਣ ਵਾਲੇ ਕੁਝ ਫ਼ੌਜੀ ਜਵਾਨਾਂ ਨੂੰ ਕੁਝ ਦਿਨ ਪਹਿਲਾਂ ਹੀ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਸੀ ਅਤੇ ਉਨ੍ਹਾਂ ਦੀ ਪੁੱਛਗਿੱਛ ਦੌਰਾਨ ਤੇ ਉਨ੍ਹਾਂ ਦੇ ਇੱਕ ਹੋਰ ਸਾਥੀ ਸੰਦੀਪ ਸਿੰਘ ਨੂੰ ਪਟਿਆਲਾ ਤੋਂ ਗ੍ਰਿਫ਼ਤਾਰ ਕੀਤਾ ਹੈ। ਜ਼ਿਕਰਯੋਗ ਹੈ ਕਿ ਸੰਦੀਪ ਸਿੰਘ ਵੀ ਫ਼ੌਜ ਦਾ ਮੁਲਾਜ਼ਮ ਹੈ ਅਤੇ ਇਸ ਵਕਤ ਨਾਸਿਕ ਵਿੱਚ ਤਾਇਨਾਤ ਹੈ ਜੋ ਕਿ ਹੁਣ ਛੁੱਟੀ ਉਤੇ ਸੀ।

ਅੰਮ੍ਰਿਤਸਰ ਦੇ ਐਸਐਸਪੀ ਚਰਨਜੀਤ ਸਿੰਘ ਸੋਹਲ ਅਤੇ ਐਸਪੀਡੀ ਹਰਿੰਦਰ ਸਿੰਘ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਹੀ ਪੁਲਿਸ ਵੱਲੋਂ ਤਿੰਨ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ ਸੀ। ਜਿਨ੍ਹਾਂ ਵਿੱਚੋਂ ਦੋ ਫੌਜ ਦੇ ਜਵਾਨ ਸੀ ਤੇ ਉਨ੍ਹਾਂ ਕੋਲੋਂ ਅੱਧਾ ਕਿਲੋ ਹੈਰੋਇਨ ਜ਼ਬਤ ਕੀਤੀ ਗਈ ਸੀ। ਜਦੋਂ ਉਨ੍ਹਾਂ ਕੋਲੋਂ ਬਰੀਕੀ ਦੇ ਨਾਲ ਜਾਂਚ ਕੀਤੀ ਗਈ ਤਾਂ ਇਹ ਪਾਇਆ ਗਿਆ ਕਿ ਉਨ੍ਹਾਂ ਵੱਲੋਂ ਪਾਕਿਸਤਾਨ ਦੀ ਖੁਫੀਆ ਏਜੰਸੀ ਆਈਐਸਆਈਐਸ ਨੂੰ ਭਾਰਤ ਅਤੇ ਫੌਜ ਦੀ ਗੁਪਤ ਜਾਣਕਾਰੀ ਦਿੱਤੀ ਜਾ ਰਹੀ ਹੈ।

# ਚੰਡੀਗੜ੍ਹ-ਊਨਾ ਹਾਈਵੇ ਉਤੇ ਢਾਬੇ ਦੀ ਕੀਤੀ ਭੰਨਤੋੜ, ਜ਼ਮੀਨ ਦੇ ਵਿਵਾਦ ਨੂੰ ਲੈ ਕੇ ਹੋਈ ਝੜਪ



ਚੰਡੀਗੜ੍ਹ-(ਲੋਕ ਬਾਣੀ) ਊਨਾ ਹਾਈਵੇ ਉਤੇ ਪਿੰਡ ਡਾਢੀ ਵਿੱਚ ਸੇਵਾਮੁਕਤ ਕੈਪਟਨ ਵੱਲੋਂ ਚਲਾਏ ਜਾ ਰਹੇ ਕੈਪਟਨ ਢਾਬੇ ਉਤੇ ਕੁਝ ਲੋਕਾਂ ਵੱਲੋਂ ਹਮਲਾ ਕਰ ਜਿੱਥੇ ਢਾਬੇ ਦੀ ਭੰਨਤੋੜ ਕੀਤੀ ਗਈ ਉੱਥੇ ਹੀ ਢਾਬਾ ਚਲਾਉਣ ਵਾਲੇ ਮਾਲਕ ਉਤੇ ਵੀ ਜਾਨਲੇਵਾ ਹਮਲਾ ਕਰ ਦਿੱਤਾ। ਇਸ ਝਗੜੇ ਤੋਂ ਬਾਅਦ ਢਾਬੇ ਉਤੇ ਖ਼ੂਨ ਖਿੰਡਿਆ ਹੋਇਆ ਸੀ। ਦੱਸਿਆ ਜਾ ਰਿਹਾ ਹੈ ਕਿ ਢਾਬੇ ਵਾਲੀ ਜ਼ਮੀਨ ਦੇ ਵਿਵਾਦ ਨੂੰ ਲੈ ਕੇ ਆਈ ਲੜਾਈ ਹੋਈ ਹੈ। ਜਦੋਂਕਿ ਇਸ ਜ਼ਮੀਨ ਦਾ ਮਾਮਲਾ ਅਦਾਲਤ ਵਿੱਚ ਵਿਚਾਰ ਅਧੀਨ ਹੈ। ਢਾਬਾ ਮਾਲਕ ਵੱਲੋਂ ਦੱਸਿਆ ਜਾ ਰਿਹਾ ਹੈ ਕਿ ਮਹੀਨਾ ਪਹਿਲਾਂ ਵੀ ਇਨ੍ਹਾਂ ਵੱਲੋਂ ਹੀ ਢਾਬੇ ਉਤੇ ਹਮਲਾ ਕੀਤਾ ਗਿਆ ਸੀ। ਜਦੋਂ ਇਸ ਬਾਰੇ ਐੱਸਐੱਚਓ ਸ਼੍ਰੀ ਕੀਰਤਪੁਰ ਸਾਹਿਬ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਕਿਹਾ ਕਿ ਪਹਿਲਾਂ ਵੀ ਇਨ੍ਹਾਂ ਦਾ ਝਗੜਾ ਹੋਇਆ ਸੀ ਤਾਂ ਦੋਵਾਂ ਖਿਲਾਫ਼ ਪਰਚਾ ਦਰਜ ਕੀਤਾ ਗਿਆ ਸੀ ਹੁਣ ਵੀ ਦੋਵੇਂ ਧਿਰਾਂ ਦੇ ਬਿਆਨਾਂ ਦੇ ਆਧਾਰ ਉਤੇ ਮਾਮਲਾ ਦਰਜ ਕੀਤਾ ਜਾਵੇਗਾ।

# ਵਿਜੀਲੈਂਸ ਬਿਊਰੋ ਨੇ 17800 ਰੁਪਏ ਰਿਸ਼ਵਤ ਲੈਣ ਕਾਰਨ ਹੌਲਦਾਰ ’ਤੇ ਰਿਸ਼ਵਤਖ਼ੋਰੀ ਦਾ ਕੀਤਾ ਕੇਸ ਦਰਜ

ਚੰਡੀਗੜ(ਲੋਕ ਬਾਣੀ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚੱਲ ਰਹੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ ਜ਼ਿਲਾ ਲੁਧਿਆਣਾ ਦੀ ਪੁਲਿਸ ਚੌਂਕੀ ਕੰਗਣਵਾਲ ਵਿਖੇ ਤਾਇਨਾਤ ਹੌਲਦਾਰ ਰਣਜੀਤ ਸਿੰਘ ਵਿਰੁੱਧ ਵੱਖ-ਵੱਖ ਸਮਿਆਂ ਤੇ ਗੂਗਲ ਪੇਅ ਰਾਹੀਂ ਅਤੇ ਨਕਦ 17800 ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਭਿ□ਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ।

ਅੱਜ ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਇਹ ਕੇਸ ਸਾਹਨੇਵਾਲ ਰੋਡ, ਲੁਧਿਆਣਾ ਦੇ ਨਿਊ ਸਤਿਗੁਰੂ ਨਗਰ ਦੇ ਵਸਨੀਕ ਇੰਦਰਾ ਪ੍ਰਸਾਦ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ‘ਤੇ ਦਾਇਰ ਕਰਵਾਈ ਆਨਲਾਈਨ ਸ਼ਿਕਾਇਤ ਦੀ ਜਾਂਚ ਉਪਰੰਤ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਦਾ ਦੁਕਾਨ ਵੇਚਣ ਨੂੰ ਲੈ ਕੇ ਕਿਸੇ ਨਾਲ ਝਗੜਾ ਚੱਲ ਰਿਹਾ ਸੀ ਅਤੇ ਮੁੱਖ ਮੁਨਸ਼ੀ ਰਾਮ ਮੂਰਤੀ ਨੇ ਉਸਨੂੰ ਪੁਲਿਸ ਚੌਂਕੀ ਬੁਲਾਇਆ ਸੀ, ਪਰ ਉਸ ਮੌਕੇ ਹੌਲਦਾਰ ਰਣਜੀਤ ਸਿੰਘ ਨੇ ਉਸਨੂੰ ਹਵਾਲਾਤ ਵਿੱਚ ਬੰਦ ਕਰ ਦਿੱਤਾ।

ਸ਼ਿਕਾਇਤ ਅਨੁਸਾਰ ਉਕਤ ਮੁਲਜ਼ਮ ਹੌਲਦਾਰ ਨੇ ਉਸਦੀ ਜੇਬ ਚੋਂ 800 ਰੁਪਏ ਮੌਕੇ ਤੇ ਹੀ ਕੱਢ ਲਏ ਤੇ ਉਸਨੂੰ ਛੱਡ ਦਿੱਤਾ। ਬਾਅਦ ਵਿੱਚ, ਉਕਤ ਮੁਲਜ਼ਮ ਨੇ ਸ਼ਿਕਾਇਤਕਰਤਾ ਤੋਂ ਗੂਗਲ ਪੇਅ ਰਾਹੀਂ 10,000 ਰੁਪਏ ਅਤੇ 7000 ਰੁਪਏ ਨਕਦੀ ਦੇ ਰੂਪ ਵਿੱਚ ਰਿਸ਼ਵਤ ਲਈ।




ਬੁਲਾਰੇ ਨੇ ਅੱਗੇ ਕਿਹਾ ਸ਼ਿਕਾਇਤ ਦੀ ਪੜਤਾਲ ਤੇ ਦੌਰਾਨ ਸ਼ਿਕਾਇਤਕਰਤਾ ਦੁਆਰਾ ਲਗਾਏ ਗਏ ਦੋਸ਼ ਸਹੀ-ਵ-ਦਰੁਸਤ ਪਾਏ ਗਏ ਅਤੇ ਪ੍ਰਾਪਤ ਹੋਏ ਮੌਖਿਕ, ਆਡੀਓ ਅਤੇ ਦਸਤਾਵੇਜ਼ੀ ਸਬੂਤਾਂ ਤੋਂ ਵੀ ਉਕਤ ਦੋਸ਼ਾਂ ਦੀ ਪੁਸ਼ਟੀ ਹੋਈ ਹੈ। ਇਸ ਤੋਂ ਬਾਅਦ, ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਪੁਲਿਸ ਥਾਣਾ ਲੁਧਿਆਣਾ ਰੇਂਜ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ। ਇਸ ਕੇਸ ਦੀ ਅਗਲੇਰੀ ਜਾਂਚ ਦੌਰਾਨ ਸਹਾਇਕ ਸਬ-ਇੰਸਪੈਕਟਰ ਮੇਵਾ ਸਿੰਘ, ਸਹਾਇਕ ਸਬ-ਇੰਸਪੈਕਟਰ ਰਾਮ ਮੂਰਤੀ ਅਤੇ ਸਬੰਧਤ ਐਸ.ਐਚ.ਓ. ਦੀ ਭੂਮਿਕਾ ਵੀ ਪੜਤਾਲੀ ਜਾਵੇਗੀ।

# ਅਮਰੀਕਾ ਤੋਂ ਭਾਰਤੀਆਂ ਨੂੰ ਡਿਪੋਰਟ ਕਰਨ ਦਾ ਮਾਮਲਾ: ਪੰਜਾਬ ਪੁਲਿਸ ਦੀ ਵਿਸ਼ੇਸ਼ ਜਾਂਚ ਟੀਮ ਵੱਲੋਂ ਟਰੈਵਲ ਏਜੰਟਾਂ ਵਿਰੁਧ 8 ਐਫ.ਆਈ.ਆਰਜ਼ ਦਰਜ

ਚੰਡੀਗੜ੍ਹ, (ਲੋਕ ਬਾਣੀ): ਸੂਬੇ ਦੇ ਭੋਲੇ-ਭਾਲੇ ਵਿਅਕਤੀਆਂ ਦਾ ਸ਼ੋਸ਼ਣ ਕਰਨ ਵਾਲੇ ਧੋਖੇਬਾਜ਼ ਇਮੀਗ੍ਰੇਸ਼ਨ ਸਲਾਹਕਾਰਾਂ ‘ਤੇ ਨਕੇਲ ਕਸਦਿਆਂ ਪੰਜਾਬ ਪੁਲਿਸ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਨੇ ਇਸ ਖੇਤਰ ਵਿੱਚ ਚੱਲ ਰਹੇ ਬਹੁ-ਰਾਸ਼ਟਰੀ ਮਨੁੱਖੀ ਤਸਕਰੀ ਨੈਟਵਰਕ ਨੂੰ ਖ਼ਤਮ ਕਰਨ ਲਈ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਹੈ।

ਇਹ ਕਾਰਵਾਈ ਉਨ੍ਹਾਂ ਭਾਰਤੀ ਨਾਗਰਿਕਾਂ ਨਾਲ ਸਬੰਧਤ ਹੈ ਜਿਨ੍ਹਾਂ ਨੂੰ ਸੰਯੁਕਤ ਰਾਜ ਅਮਰੀਕਾ ਤੋਂ ਡਿਪੋਰਟ ਕੀਤਾ ਗਿਆ ਸੀ ਅਤੇ ਅੰਮ੍ਰਿਤਸਰ ਪਹੁੰਚੇ ਸਨ। ਪੰਜਾਬ ਪੁਲਿਸ ਵੱਲੋਂ ਉਨ੍ਹਾਂ ਟ੍ਰੈਵਲ ਏਜੰਟਾਂ ਵਿਰੁੱਧ ਬਿਆਨ ਦਰਜ ਕੀਤੇ ਹਨ ਜਿਨ੍ਹਾਂ ਨੇ ਉਨ੍ਹਾਂ ਨਾਲ ਅਮਰੀਕਾ ਵਿੱਚ ਗੈਰ-ਕਾਨੂੰਨੀ ਪ੍ਰਵੇਸ਼ ਦੇ ਝੂਠੇ ਵਾਅਦੇ ਕਰਕੇ ਧੋਖਾ ਕੀਤਾ ਹੈ।

ਇਸ ਸਬੰਧੀ ਪੀੜਤਾਂ ਦੀਆਂ ਸ਼ਿਕਾਇਤਾਂ ਤੇ ਕਾਰਵਾਈ ਕਰਦਿਆਂ ਪੰਜਾਬ ਪੁਲਿਸ ਨੇ ਡਿਪੋਰਟ ਕੀਤੇ ਗਏ ਵਿਅਤੀਆਂ ਦੇ ਬਿਆਨਾਂ ਦੇ ਆਧਾਰ ਤੇ ਟ੍ਰੈਵਲ ਏਜੰਟਾਂ ਵਿਰੁੱਧ ਕੁੱਲ 8 ਐਫਆਈਆਰਜ਼ ਦਰਜ ਕੀਤੀਆਂ ਹਨ, ਜਿਨ੍ਹਾਂ ਵਿੱਚ ਦੋ ਐਫਆਈਆਰਜ਼ ਜ਼ਿਲ੍ਹਾ ਪੁਲਿਸ ਕੋਲ ਅਤੇ ਛੇ ਐਫਆਈਆਰਜ਼ ਪੰਜਾਬ ਪੁਲਿਸ ਦੇ ਐਨਆਰਆਈ ਮਾਮਲੇ ਵਿੰਗ ਕੋਲ ਦਰਜ ਕੀਤੀਆਂ ਗਈਆਂ ਹਨ।

ਏ.ਡੀ.ਜੀ.ਪੀ. ਐਨਆਰਆਈ ਮਾਮਲਿਆਂ ਪ੍ਰਵੀਨ ਸਿਨਹਾ ਦੀ ਅਗਵਾਈ ਵਾਲੀ ਇਸ ਐਸ.ਆਈ.ਟੀ. ਵਿੱਚ ਏ.ਡੀ.ਜੀ.ਪੀ. ਅੰਦਰੂਨੀ ਸੁਰੱਖਿਆ ਸ਼ਿਵੇ ਕੁਮਾਰ ਵਰਮਾ, ਆਈ.ਜੀ.ਪੀ. ਪ੍ਰੋਵੀਜਨਿੰਗ ਡਾ. ਐਸ ਬੂਪਤੀ ਅਤੇ ਡੀ.ਆਈ.ਜੀ. ਬਾਰਡਰ ਰੇਂਜ ਰੇਂਜ ਸਤਿੰਦਰ ਸਿੰਘ ਸ਼ਾਮਲ ਹਨ। ਇਹ ਐਸਆਈਟੀ ਜਾਂਚ ਦੀ ਬਾਰੀਕਬੀਨੀ ਨਾਲ ਨਿਗਰਾਨੀ ਕਰ ਰਹੀ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਾਰੀ ਕਾਰਵਾਈ ਤੱਥਾਂ ਦੀ ਸੁਚੱਜੀ ਜਾਂਚ ਕਰਕੇ ਅਤੇ ਪ੍ਰਭਾਵੀ ਢੰਗ ਨਾਲ ਨੇਪਰੇ ਚੜਾਈ ਜਾਵੇ।




ਸੀਨੀਅਰ ਪੁਲਿਸ ਅਧਿਕਾਰੀਆਂ ਨੇ ਵਤਨ ਵਾਪਸ ਪਰਤਣ ਵਾਲਿਆਂ ਨਾਲ ਨਿੱਜੀ ਤੌਰ ‘ਤੇ ਮੁਲਾਕਾਤ ਕਰਕੇ ਉਨਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨਾਂ ਨੂੰ ਨਿਆਂ ਦਾ ਭਰੋਸਾ ਦਿੱਤਾ। ਇਸ ਦੇ ਨਾਲ ਹੀ ਵੱਖ-ਵੱਖ ਜਿਲਿਆਂ ਅਤੇ ਕਮਿਸ਼ਨਰੇਟਾਂ ਦੇ ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਐਸ.ਆਈ.ਟੀ. ਨਾਲ ਤਾਲਮੇਲ ਕਰਕੇ ਅਣਥੱਕ ਮਿਹਨਤ ਕਰ ਰਹੇ ਹਨ ਤਾਂ ਜੋ ਇਨਾਂ ਧੋਖੇਬਾਜ਼ ਅਪਰਾਧੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾ ਸਕੇ।

ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਨੇ ਧੋਖਾਧੜੀ ਕਰਨ ਵਾਲੇ ਇਮੀਗ੍ਰੇਸ਼ਨ ਨੈੱਟਵਰਕ ਦੀ ਲੜੀ ਵਿਰੁੱਧ ਕਾਰਵਾਈ ਕਰਨ ਅਤੇ ਟ੍ਰੈਵਲ ਏਜੰਟਾਂ ਵੱਲੋਂ ਕੀਤੇ ਜਾ ਰਹੇ ਪੰਜਾਬ ਦੀ ਨੌਜਵਾਨੀ ਦੇ ਸ਼ੋਸ਼ਣ ਨੂੰ ਖਤਮ ਕਰਨ ਲਈ ਪੰਜਾਬ ਪੁਲਿਸ ਦੀ ਦ੍ਰਿੜ ਵਚਨਬੱਧਤਾ ਨੂੰ ਦਹੁਰਾਇਆ। ਉਨਾਂ ਕਿਹਾ ਕਿ ਐਸਆਈਟੀ ਗੈਰ-ਕਾਨੂੰਨੀ ਮਨੁੱਖੀ ਤਸਕਰੀ ਲਈ ਜ਼ਿੰਮੇਵਾਰ ਲੋਕਾਂ ਵਿਰੁੱਧ ਜਵਾਬਦੇਹੀ ਤੈਅ ਕਰਨ ਅਤੇ ਬਣਦੀ ਕਾਨੂੰਨੀ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਪੰਜਾਬ ਪੁਲਿਸ ਨੇ ਲੋਕਾਂ ਨੂੰ ਚੌਕਸ ਰਹਿਣ ਅਤੇ ਗੈਰ-ਕਾਨੂੰਨੀ ਢੰਗ ਨਾਲ ਇਮੀਗ੍ਰੇਸ਼ਨ ਜਾਂ ਅਜਿਹੀ ਕੋਈ ਹੋਰ ਧੋਖਾਧੜੀ ਦੀ ਸੂਚਨਾ ਅਧਿਕਾਰੀਆਂ ਨੂੰ ਦੇਣ ਦੀ ਅਪੀਲ ਕੀਤੀ। ਪੰਜਾਬ ਪੁਲਿਸ ਆਪਣੇ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਅਤੇ ਧੋਖੇਬਾਜ ਟਰੈਵਲ ਏਜੰਟਾਂ ’ਤੇ ਨਕੇਲ ਕੱਸਣ ਵਾਲੇ ਆਪਣੇ ਮਿਸ਼ਨ ਵਿੱਚ ਸੁਹਿਰਦਤਾ ਨਾਲ ਡੱਟੀ ਹੋਈ ਹੈ।

# ਰਾਣੀ ਲਕਸ਼ਮੀ ਬਾਈ ਆਤਮ ਸੁਰੱਖਿਆ ਸਕੀਮ ਤਹਿਤ ਜਿਲ੍ਹਾ ਪੱਧਰੀ ਕਰਾਟੇ ਮੁਕਾਬਲੇ ਕਰਵਾਏ



ਜੋਗਾ,(ਲੋਕ ਬਾਣੀ) : ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਮਾਨਸਾ ਭੁਪਿੰਦਰ ਕੌਰ, ਉਪ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਡਾ. ਪਰਮਜੀਤ ਸਿੰਘ ਭੋਗਲ ਅਤੇ ਜਿਲ੍ਹਾ ਸਪੋਰਟਸ ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਿਆਲਾ (ਕੁੜੀਆਂ) ਵਿਖੇ ਰਾਣੀ ਲਕਸ਼ਮੀ ਬਾਈ ਆਤਮ ਸੁਰੱਖਿਆ ਸਕੀਮ ਤਹਿਤ ਜਿਲ੍ਹਾ ਪੱਧਰੀ ਕਰਾਟੇ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਕਰਾਟੇ ਮੁਕਾਬਲਿਆਂ ਦਾ ਉਦਘਾਟਨ ਸਕੂਲ ਮੁਖੀ ਨਰਿੰਦਰ ਸਿੰਘ ਮਾਨਸ਼ਾਹੀਆਂ ਨੇ ਕੀਤਾ। ਜੇਤੂ ਖਿਡਾਰਨਾਂ ਨੂੰ ਇਨਾਮਾਂ ਦੀ ਵੰਡ ਉੱਪ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਡਾ. ਪਰਮਜੀਤ ਸਿੰਘ ਭੋਗਲ ਅਤੇ ਜਿਲ੍ਹਾ ਸਪੋਰਟਸ ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ ਨੇ ਕੀਤੀ। ਪੀ.ਟੀ.ਆਈ. ਵਿਨੋਦ ਕੁਮਾਰ ਨੇ ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿੱਚ ਜਿਲ੍ਹੇ ਦੀਆਂ ਛੇਵੀਂ ਤੋਂ ਬਾਰ੍ਹਵੀ□ ਤੱਕ ਦੀਆਂ 40 ਖਿਡਾਰਣਾਂ ਨੇ ਵੱਖ-ਵੱਖ ਭਾਰ ਵਰਗਾਂ ਵਿੱਚ ਭਾਗ ਲਿਆ।

6ਵੀਂ ਤੋਂ 8ਵੀਂ ਤੱਕ ਦੇ ਮੁਕਾਬਲੇ ਦੇ -35 ਕਿਲੋ ਭਾਰ ਵਿੱਚ ਸਮਰੀਤ ਕੌਰ ਸਸਸ ਕਾਨ੍ਹਗੜ ਨੇ ਪਹਿਲਾ ਤੇ ਨਰਿੰਦਰ ਕੌਰ ਸਮਸ ਸਰਦੂਲੇਵਾਲਾ ਨੇ ਦੂਸਰਾ, -40 ਕਿਲੋ ਭਾਰ ਵਿੱਚ ਗੀਤੂ ਕੌਰ ਸਹਸ ਦਿਆਲਾਪੁਰਾ ਨੇ ਪਹਿਲਾ ਤੇ ਸੁਮਨਪ੍ਰੀਤ ਕੌਰ ਸਮਸ ਕੋਰਵਾਲਾ ਨੇ ਦੂਸਰਾ, -45 ਕਿਲੋ ਭਾਰ ਵਿੱਚ ਪੇਸਵਾਦੀਪ ਕੌਰ ਸਹਸ ਭੁਪਾਲ ਨੇ ਪਹਿਲਾ ਤੇ ਸੀਰਤ ਕੌਰ ਸਮਸ ਹੀਰੇਵਾਲਾ ਨੇ ਦੂਸਰਾ, -45ਕਿਲੋ ਭਾਰ ਵਿੱਚ ਗੀਤੂ ਰਾਣੀ ਸਹਸ ਭੁਪਾਲ ਨੇ ਪਹਿਲਾ ਤੇ ਹੁਸਨਵੀਰ ਕੌਰ ਸਸਸ ਧਰਮਪੁਰਾ ਨੇ ਦੂਸਰਾ ਸਥਾਨ ਹਾਸਲ ਕੀਤਾ। ਜਦਕਿ 9ਵੀਂ ਤੋਂ ਬਾਰ੍ਹਵੀਂ ਜਮਾਤ ਦੇ ਮੁਕਾਬਲਿਆਂ ਵਿੱਚੋਂ -40 ਕਿਲੋ ਭਾਰ ਵਰਗ ਵਿੱਚ ਰਾਜਵੀਰ ਕੌਰ ਸਸਸਸ ਅਤਲਾ ਕਲਾਂ ਨੇ ਪਹਿਲਾ ਤੇ ਲਵਜੋਤ ਕੌਰ ਸਹਸ ਦਿਆਲਪੁਰਾ ਨੇ ਦੂਸਰਾ, -45 ਕਿਲੋ ਭਾਰ ਵਿੱਚ ਖੁਸਪ੍ਰੀਤ ਕੌਰ ਸਸਸਸ ਕੋਟੜਾ ਕਲਾਂ ਨੇ ਪਹਿਲਾ ਤੇ ਜਸਵੀਰ ਕੌਰ ਸਸਸ ਧਰਮਪੁਰਾ ਨੇ ਦੂਸਰਾ, -50 ਕਿਲੋ ਭਾਰ ਵਿੱਚ ਗਗਨਦੀਪ ਕੌਰ ਸਸਸਸ ਰੰਘੜਿਆਲ ਨੇ ਪਹਿਲਾ ਤੇ ਸੰਦੀਪ ਕੌਰ ਸਸਸਸ (ਕੁ) ਬੁਢਲਾਡਾ ਨੇ ਦੂਸਰਾ, +50 ਕਿਲੋ ਭਾਰ ਵਿੱਚ ਸੁਖਮਪ੍ਰੀਤ ਕੌਰ ਸਸਸ (ਕੁ) ਫਫੜੇ ਭਾਈਕੇ ਨੇ ਪਹਿਲਾ ਤੇ ਸ਼ਗਨਪ੍ਰੀਤ ਕੌਰ ਸਸਸਸ ਅਤਲਾ ਕਲਾਂ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਨਿਰਮਲ ਸਿੰਘ, ਦਿਪਾਕਰ ਡੈਵੀ, ਕਿਰਨਜੀਤ ਕੌਰ (ਕਨਵੀਨਰ), ਵਿਨੋਦ ਕੁਮਾਰ, ਪਾਲਾ ਸਿੰਘ, ਦਰਸ਼ਨ ਸਿੰਘ, ਬੂਟਾ ਸਿੰਘ, ਰਾਜਦੀਪ ਸਿੰਘ, ਹਰਦੀਪ ਸਿੰਘ, ਸੰਦੀਪ ਸਿੰਘ, ਗੁਰਨਾਮ ਸਿੰਘ, ਅਸ਼ੋਕ ਕੁਮਾਰ, ਨਛੱਤਰ ਸਿੰਘ, ਕਰਮਜੀਤ ਕੌਰ, ਵੀਰਪਾਲ ਕੌਰ, ਸਰਬਜੀਤ ਕੌਰ, ਮਨਦੀਪ ਕੌਰ, ਕ੍ਰਿਸ਼ਨ ਕੁਮਾਰ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ ਮੌਜੂਦ ਸਨ।



## ਜਨਮ ਦਿਨ ਮੁਬਾਰਕ

ਅਰਜਨ ਸਿੰਘ, ਮਾਤਾ ਲਖਵਿੰਦਰ ਕੌਰ ਅਤੇ ਪਿਤਾ ਜਸਕਰਨ ਸਿੰਘ (ਈਟੀਟੀ ਅਧਿਆਪਕ) ਨੂੰ ਜਨਮ ਦਿਨ ਦੀਆਂ ਗੌਰਮਿੰਟ ਟੀਚਰਜ਼ ਯੂਨੀਅਨ ਵਿਗਿਆਨਕ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ ਅਤੇ ਪ੍ਰਸਿੱਧ ਲੇਖਕ ਪਰਗਟ ਸਿੰਘ ਜੰਬਰ, ਗਾਇਕਾ ਮਨਦੀਪ ਲੱਕੀ ਤੇ ਅਦਾਰਾ ਜਸਟ ਪੰਜਾਬੀ ਅਖ਼ਬਾਰ ਦੇ ਸੰਪਾਦਕ ਗੁਰਬਾਜ ਗਿੱਲ ਅਤੇ ਸਮੂਹ ਸਟਾਫ ਵੱਲੋਂ ਬਹੁਤ ਬਹੁਤ ਮੁਬਾਰਕਾਂ

# ਪਿੰਡ ਬਘਾਣਾ ਦੇ ਵਸਨੀਕਾਂ ਨੇ ਫਗਵਾੜਾ ਪੁਲਿਸ ‘ਤੇ ਲਗਾਇਆ ਸਿਆਸੀ ਦਬਾਅ ਹੇਠ ਪੱਖਪਾਤ ਕਰਨ ਦਾ ਦੋਸ਼





ਫਗਵਾੜਾ ( ਸੁਸ਼ੀਲ ਸ਼ਰਮਾ ) ਪਿੰਡ ਬਘਾਣਾ ਦੇ ਵਸਨੀਕਾਂ ਵਲੋਂ ਅੱਜ ਥਾਣਾ ਰਾਵਲਪਿੰਡੀ ਪੁਲਿਸ ਖਿਲਾਫ ਪਿੰਡ ਦੀ ਧਰਮਸ਼ਾਲਾ ਵਿਖੇ ਰੋਸ ਮੁਜਾਹਰਾ ਕੀਤਾ ਗਿਆ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਮੁਰਦਾਬਾਦ, ਫਗਵਾੜਾ ਪੁਲਿਸ ਮੁਰਦਾਬਾਦ ਦੇ ਨਾਅਰੇ ਲਗਾਏ ਇਸ ਦੌਰਾਨ ਗੱਲਬਾਤ ਕਰਦਿਆਂ ਸਾਬਕਾ ਸਰਪੰਚ ਦੇਸਰਾਜ ਮਹਿਤਾ, ਅਮਰਜੀਤ ਪੱਬੀ, ਨਿਰਮਲਾ ਦੇਵੀ, ਰਾਮ ਲੁਭਾਇਆ ਪੰਚ, ਸਚਿਨ ਕੁਮਾਰ ਪੰਚ, ਅਮਰਜੀਤ ਕੁਮਾਰ, ਰਮਨ ਦੀਪ ਮਹਿਤਾ, ਰਾਮ ਲਾਲ, ਕਿਸ਼ਨ ਸਿੰਘ ਫੌਜੀ ਅਤੇ ਰਮਨ ਕੁਮਾਰ ਨੇ ਕਿਹਾ ਕਿ ਫਗਵਾੜਾ ਪੁਲਿਸ ਸਿਆਸੀ ਦਬਾਅ ਹੇਠ ਸ਼ਰੇਆਮ ਪੱਖਪਾਤ ਕਰ ਰਹੀ ਹੈ। ਉਹਨਾਂ ਕਿਹਾ ਕਿ ਇਕ ਪਾਸੇ ਮਹਿਲਾ ਦੀ ਸ਼ਿਕਾਇਤ ‘ਤੇ ਥਾਣਾ ਸਿਟੀ ਫਗਵਾੜਾ ਦੀ ਪੁਲਿਸ ਵਲੋਂ ਬਿਨਾਂ ਕਿਸੇ ਜਾਂਚ ਦੇ ਕੌਂਸਲਰ ਅਤੇ ਪੱਤਰਕਾਰ ਖਿਲਾਫ ਕੇਸ ਦਰਜ ਕਰ ਲਿਆ ਜਾਂਦਾ ਹੈ ਜਦਕਿ ਦੂਸਰੇ ਪਾਸੇ ਪਿੰਡ ਬਘਾਣਾ ਦੇ ਮੌਜੂਦਾ ਸਰਪੰਚ ਦੀ ਸ਼ਿਕਾਇਤ ਦੇ ਮਾਮਲੇ ਨੂੰ ਜਾਂਚ ਦੀ ਗੱਲ ਕਹਿ ਕੇ ਲਮਕਾਇਆ ਜਾ ਰਿਹਾ ਹੈ। ਸਰਪੰਚ ਬਲਵਿੰਦਰ ਕੁਮਾਰ ਬਘਾਣਾ ਨੇ ਦੱਸਿਆ ਕਿ ਉਹਨਾਂ ਨੇ ਬੀਤੀ 2 ਫਰਵਰੀ ਨੂੰ ਗੁਰਪ੍ਰੀਤ ਸਿੰਘ ਚੀਮਾ ਪੁੱਤਰ ਗੁਰਬਚਨ ਸਿੰਘ ਚੀਮਾ ਵਾਸੀ ਬਘਾਣਾ ਦੇ ਖਿਲਾਫ ਜਾਤੀ ਸੂਚਕ ਸ਼ਬਦ ਬੋਲ ਕੇ ਗਾਲੀ ਗਲੌਚ ਕਰ ਨਦੀ ਸ਼ਿਕਾਇਤ ਥਾਣਾ ਰਾਵਲਪਿੰਡੀ ਪੁਲਿਸ ਅਤੇ ਐਸ.ਪੀ. ਫਗਵਾੜਾ ਨੂੰ ਦਿੱਤੀ ਸੀ। ਜਿਸਦਾ ਸਬੂਤ ਵੀ ਉਸ ਦੇ ਕੋਲ ਮੌਜੂਦ ਹੈ। ਉਹਨਾਂ ਦੱਸਿਆ ਕਿ ਹੁਣ ਤੱਕ ਪੁਲਿਸ ਨੇ ਦੋਸ਼ੀ ਖਿਲਾਫ ਕੋਈ ਪਰਚਾ ਦਰਜ ਨਹੀਂ ਕੀਤਾ ਹੈ ਅਤੇ ਦੋਸ਼ੀ ਲਗਾਤਾਰ ਧਮਕੀਆਂ ਦੇ ਰਿਹਾ ਹੈ।

ਪਿੰਡ ਵਾਸੀਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਇਸ ਮਾਮਲੇ ਵਿਚ ਤੁਰੰਤ ਕੇਸ ਦਰਜ ਕਰਕੇ ਦੋਸ਼ੀ ਦੀ ਗਿਰਫਤਾਰੀ ਨਾ ਕੀਤੀ ਗਈ ਤਾਂ ਦਲਿਤ ਜੱਥੇਬੰਦੀਆਂ ਨੂੰ ਨਾਲ ਲੈ ਕੇ ਪੁਲਿਸ ਅਫਸਰਾਂ ਦਾ ਘਿਰਾਓ ਕੀਤਾ ਜਾਵੇਗਾ। ਇਸ ਸਬੰਧੀ ਗੱਲਬਾਤ ਕਰਨ ‘ਤੇ ਥਾਣਾ ਰਾਵਲਪਿੰਡੀ ਦੇ ਐਸ.ਐਚ.ਓ. ਅਸ਼ੋਕ ਕੁਮਾਰ ਨੇ ਦੱਸਿਆ ਕਿ ਸਰਪੰਚ ਬਲਵਿੰਦਰ ਕੁਮਾਰ ਵਲੋਂ ਪ੍ਰਾਪਤ ਹੋਈ ਸ਼ਿਕਾਇਤ ਦੀ ਪੜਤਾਲ ਡੀ.ਐਸ.ਪੀ. ਫਗਵਾੜਾ ਵਲੋਂ ਕੀਤੀ ਜਾ ਰਹੀ ਹੈ। ਇਸ ਮੌਕੇ ਬਾਵਾ ਸਿੰਘ, ਬੂਟਾ ਰਾਮ, ਪਰਵੀਨ ਕੁਮਾਰ, ਬਲਵਿੰਦਰ ਸਿੰਘ, ਸਰੂਪ ਚੰਦ, ਪਾਖਰ ਰਾਮ, ਦਰਸ਼ਨ ਸਿੰਘ, ਲਖਵਿੰਦਰ ਕੁਮਾਰ, ਜਸਵਿੰਦਰ ਪਾਲ, ਜਤਿੰਦਰ ਕੁਮਾਰ, ਜਸਵੀਰ ਕੁਮਾਰ, ਹਰੀਸ਼ ਕੁਮਾਰ, ਭਜਨ ਲਾਲ, ਗੁਰਮੀਤ ਕੌਰ, ਰਾਣੀ, ਆਸ਼ਾ, ਗਿਆਨ ਕੌਰ, ਮਹਿੰਦਰ ਕੌਰ, ਜਯੋਤੀ, ਪੂਜਾ, ਸੁਖਵਿੰਦਰ ਕੌਰ, ਮਨਜੀਤ ਕੌਰ, ਅਮਰਜੀਤ ਕੌਰ, ਹਰਜੀਤ ਕੌਰ, ਕਮਲਜੀਤ ਕੌਰ, ਪ੍ਰਕਾਸ਼ ਕੌਰ, ਕਾਂਤਾ ਦੇਵੀ, ਬਲਜੀਤ ਕੌਰ, ਗੁਰਪ੍ਰੀਤ ਸਿੰਘ, ਰਣਜੀਤ ਕੁਮਾਰ, ਨਿਰਮਲ ਚੰਦ, ਗੁਰਮੀਤ ਰਾਮ, ਹਰਜੀਤ ਸਿੰਘ, ਕ੍ਰਿਸ਼ਨਾ ਦੇਵੀ ਆਦਿ ਹਾਜਰ ਸਨ।

# ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ ਫਗਵਾੜਾ ਵਿਖੇ 21 ਫਰਵਰੀ ਨੂੰ



ਫਗਵਾੜਾ 10 ਫਰਵਰੀ (ਸੁਸ਼ੀਲ ਸ਼ਰਮਾ) ਪੰਜਾਬੀ ਕਲਾ ਅਤੇ ਸਾਹਿਤ ਕੇਂਦਰ, ਸੰਗੀਤ ਦਰਪਨ, ਪੰਜਾਬੀ ਵਿਰਸਾ ਟਰੱਸਟ ਅਤੇ ਸਹਾਰਾ ਵੈਲਫੇਅਰ ਕਲੱਬ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ 21 ਫਰਵਰੀ, 2025 ਨੂੰ ਫਗਵਾੜਾ ਵਿਖੇ ਆਯੋਜਿਤ ਕੀਤਾ ਜਾਵੇਗਾ। ਇਹ ਮਾਰਚ 21 ਫਰਵਰੀ ਨੂੰ ਸਵੇਰੇ 9: 00 ਵਜੇ ਬਲੱਡ ਬੈਂਕ,ਗੁਰੂ ਹਰਿਗੋਬਿੰਦ ਨਗਰ ਫਗਵਾੜਾ ਤੋਂ ਸ਼ੁਰੂ ਹੋਏਗਾ। ਜਿਸ ਵਿੱਚ ਸਾਹਿੱਤ ਸਭਾਵਾਂ,ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦੇ,ਪੰਜਾਬੀ ਪ੍ਰੇਮੀ,ਵਿਦਿਆਰਥੀ ਅਤੇ ਅਧਿਆਪਕ ਹਿੱਸਾ ਲੈਣਗੇ। ਇਹ ਸੂਚਨਾ ਪੱਤਰਕਾਰ ਤਰਨਜੀਤ ਸਿੰਘ ਕਿੰਨੜਾ ਨੇ ਦਿੱਤੀ ਹੈ।

# ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਗੁਰੂ ਮਾਨਿਉ ਗ੍ਰੰਥ ਗੁਰਮਤਿ ਸਮਾਗਮ 13 ਅਤੇ 14 ਫਰਵਰੀ ਨੂੰ।





ਫਗਵਾੜਾ 10 ਫਰਵਰੀ (ਸੁਸ਼ੀਲ ਸ਼ਰਮਾ) ਬ੍ਰਹਮ ਗਿਆਨੀ ਸੰਤ ਬਾਬਾ ਰਣਜੀਤ ਸਿੰਘ ਜੀ ਸ੍ਰੀ ਹਰਗੋਬਿੰਦਗੜ੍ਹ ਸਾਹਿਬ ਵਾਲਿਆ ਦੀ ਮਿੱਠੀ ਯਾਦ ਵਿੱਚ ਗੁਰੂ ਮਾਨਿਉ ਗ੍ਰੰਥ ਗੁਰਮਤਿ ਸਮਾਗਮ 13 ਅਤੇ 14 ਫਰਵਰੀ ,2025 ਦਿਨ ਵੀਰਵਾਰ ਅਤੇ ਸ਼ੁੱਕਰਵਾਰ ਸ਼ਾਮ 5.00 ਵਜੇ ਤੋਂ ਰਾਤ 10-00 ਵਜੇ ਤੱਕ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਸਰੀ, ਕੈਨੇਡਾ ਅਤੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਫਗਵਾੜਾ ਦੇ ਭਰਭੂਰ ਸਹਿਯੋਗ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆ ਸ.ਨਰਿੰਦਰ ਸਿੰਘ ਮੈਨੇਜਰ ਗੁਰਦੁਆਰਾ ਸੁਖਚੈਨਆਣਾ ਸਾਹਿਬ ਅਤੇ ਗਿਆਨੀ ਨਰਿੰਦਰ ਸਿੰਘ ਮੁੱਖ ਸੇਵਾਦਾਰ,ਗੁਰਦੁਆਰਾ ਦੂਖ ਨਿਵਾਰਨ ਸਾਹਿਬ ਸਰੀ ਕੈਨੇਡਾ ਨੇ ਦੱਸਿਆ ਇਸ ਮੌਕੇ ਸੰਤ ਸੇਵਾ ਸਿੰਘ ਖਡੂਰ ਸਾਹਿਬ, ਗਿਆਨੀ ਪਿੰਦਰਪਾਲ ਸਿੰਘ ਜੀ ਕਥਾ ਵਾਚਕ,ਸੰਤ ਅਮੀਰ ਸਿੰਘ ਜਵੱਦੀ ਟਕਸਾਲ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਇਸ ਸਮਾਗਮ ਵਿੱਚ ਹਰਜਿੰਦਰ ਸਿੰਘ ਸ੍ਰੀਨਗਰ ਵਾਲੇ,ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਭਾਈ ਦਵਿੰਦਰ ਸਿੰਘ ਖੰਨੇ ਵਾਲੇ,ਭਾਈ ਅਮਰਜੀਤ ਸਿੰਘ ਨਾਗਰਾ ਆਸਟਰੇਲੀਆ ਵਾਲੇ,ਭਾਈ ਕੇਵਲ ਸਿੰਘ ਕਥਾ ਵਾਚਕ,ਭਾਈ ਸ਼ਮਸ਼ੇਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸੁਖਚੈਨਆਣਾ ਸਾਹਿਬ ਆਦਿ ਜਥੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਨਿਹਾਲ ਕਰਨਗੇ। ਇਸ ਮੌਕੇ ਸੰਗਤਾਂ ਲਈ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਸਮਾਗਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਸਮਾਗਮ ਨੂੰ ਸਫਲ ਕਰਨ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਗਵਾ ਦਿੱਤੀਆਂ ਹਨ।

# ਫਗਵਾੜਾ ਦਾ ਅਸ਼ਵਨੀ ਸ਼ਰਮਾ ਬਣਿਆ ਹਾਲੈਂਡ ਦੇ ਅਨਾਥ, ਬਜ਼ੁਰਗ ਤੇ ਬਿਮਾਰਾਂ ਦਾ ਸਹਾਰਾ








ਫਗਵਾੜਾ ( ਸੁਸ਼ੀਲ ਸ਼ਰਮਾ) ਅਮਰੀਕਨ ਡਾਲਰ, ਯੂਰੋ ਅਤੇ ਪੌਂਡ ਕਮਾਉਣ ਦੀ ਲਾਲਸਾ ਨਾਲ ਵਿਦੇਸ਼ਾਂ ਨੂੰ ਪਰਵਾਸ ਕਰਨ ਵਾਲੇ ਭਾਰਤੀਆਂ ਬਾਰੇ ਤਾਂ ਤੁਸੀਂ ਬਹੁਤ ਸੁਣਿਆ ਹੋਵੇਗਾ,ਪਰ ਕੀ ਤੁਸੀਂ ਕਦੇ ਸੁਣਿਆ ਹੈ ਕਿ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਹਾਲੈਂਡ ਦੀ ਧਰਤੀ ’ਤੇ ਮਿਹਨਤ ਮਜਦੂਰੀ ਨਾਲ ਕਮਾਈ ਦੌਲਤ ਦੇ ਬਾਵਜੂਦ ਕੋਈ ਸੰਤੁਸ਼ਟੀ ਪ੍ਰਾਪਤ ਕਰਦਾ ਹੈ ਅਤੇ ਖੁਦ ਸੀਨੀਅਰ ਸਿਟੀਜ਼ਨ ਹੋਣ ਦੇ ਬਾਵਜੂਦ ਵੀ ਦਿਨ-ਰਾਤ ਬਜੁਰਗਾਂ ਦੀ ਸੇਵਾ ’ਚ ਰੁੱਝਿਆ ਰਹਿੰਦਾ ਹੈ? ਸ਼ਾਇਦ ਨਹੀਂ। ਇਸ ਲਈ ਅੱਜ ਅਸੀਂ ਤੁਹਾਨੂੰ ਅਜਿਹੀ ਹੀ ਇਕ ਸ਼ਖਸੀਅਤ ਫਗਵਾੜਾ ਦੇ ਅਸ਼ਵਨੀ ਸ਼ਰਮਾ ਨਾਲ ਮਿਲਾਉਂਦੇ ਹਾਂ। ਜਿਸ ਦੀ ਪਰਵਰਿਸ਼ ਤੋਂ ਸਿੱਖਿਆ ਤੱਕ ਦਾ ਸਫ਼ਰ ਭਾਰਤੀ ਪੰਜਾਬ ਦੇ ਫਗਵਾੜਾ ਸ਼ਹਿਰ ਵਿੱਚ ਤੈਅ ਹੋਇਆ। ਪਰ ਉਸ ਤੋਂ ਬਾਅਦ ਉਹ ਵੀ ਲੱਖਾਂ ਹੋਰ ਨੌਜਵਾਨਾਂ ਵਾਂਗ ਦੌਲਤ ਕਮਾਉਣ ਦਾ ਸੁਪਨਾ ਲੈ ਕੇ ਯੂਰਪ ਦੇ ਹਾਲੈਂਡ ਵਿੱਚ ਜਾ ਵਸਿਆ। ਅਸ਼ਵਨੀ ਸ਼ਰਮਾ ਦੱਸਦਾ ਹੈ ਕਿ ਜਦੋਂ ਉਸਨੇ 1980 ਵਿੱਚ ਹਾਲੈਂਡ ਦੀ ਧਰਤੀ ’ਤੇ ਕਦਮ ਰੱਖਿਆ ਤਾਂ ਉਸਦੇ ਸਾਹਮਣੇ ਇੱਕ ਅਣਜਾਣ ਦੇਸ਼ ਦੀ ਗੁੰਝਲਦਾਰ ਜੀਵਨ ਸ਼ੈਲੀ ਸੀ ਅਤੇ ਪਿੱਛੇ ਪਰਿਵਾਰਕ ਜ਼ਿੰਮੇਵਾਰੀਆਂ ਦਾ ਬੋਝ ਸੀ। ਪਰ ਕਿਸਮਤ ਨੇ ਉਸ ਦਾ ਸਾਥ ਦਿੱਤਾ ਅਤੇ ਸਾਰਾ ਪਰਿਵਾਰ ਸੈਟਲ ਕਰਨ ਤੋਂ ਬਾਅਦ ਜਦੋਂ ਉਸ ਨੇ ਆਤਮ-ਸੰਤੁਸ਼ਟੀ ਮਹਿਸੂਸ ਕੀਤੀ ਤਾਂ ਆਪਣਾ ਜੀਵਨ ਲੋਕ ਸੇਵਾ ਨੂੰ ਸਮਰਪਿਤ ਕਰ ਦਿੱਤਾ। ਉਹ ਲਗਭਗ 35 ਸਾਲਾਂ ਤੋਂ ਫੁਲ ਟਾਈਮ ਸਮਾਜ ਸੇਵਕ ਵਜੋਂ ਸਰਗਰਮ ਹੈ। ਅੱਜ ਹਾਲੈਂਡ ਵਿੱਚ, ਉਹ ਇੱਕ ਸ਼ਾਂਤ ਵਲੰਟੀਅਰ ਵਜੋਂ ਜਾਣਿਆ ਜਾਂਦਾ ਹੈ ਜੋ ਹਮੇਸ਼ਾ ਦੂਜਿਆਂ ਲਈ ਰੁੱਝਿਆ ਰਹਿੰਦਾ ਹੈ। ਉਹ ਆਪਣੇ ਗੁਆਂਢੀਆਂ ਦੀ ਮਦਦ ਕਰਦਾ ਹੈ ਅਤੇ ਉਨ੍ਹਾਂ ਲਈ ਮਜ਼ੇਦਾਰ ਗਤੀਵਿਧੀਆਂ ਦਾ ਪ੍ਰਬੰਧ ਕਰਦਾ ਹੈ। ਉਹ ਸੁਪਰਮਾਰਕੀਟਾਂ ਅਤੇ ਦੁਕਾਨਾਂ ਤੋਂ ਬਚਿਆ ਹੋਇਆ ਭੋਜਨ ਇਕੱਠਾ ਕਰਦਾ ਹੈ। ਉਹ ਉਨ੍ਹਾਂ ਸੰਸਥਾਵਾਂ ਦਾ ਵੀ ਦੌਰਾ ਕਰਦਾ ਹੈ ਜੋ ਭੋਜਨ ਨੂੰ ਬਚਾਉਣ ਅਤੇ ਸਥਾਨਕ ਨਿਵਾਸੀਆਂ ਨੂੰ ਵੰਡਣ ਵਿੱਚ ਸ਼ਾਮਲ ਹਨ। ਜੋ ਵੀ ਬਚਿਆ ਮਿਲਦਾ ਹੈ,ਆਪਣੇ ਨਾਲ ਲੈ ਤੁਰਦਾ ਹੈ। ਉਹ ਵੈਸਟ ਸਲੋਟਰਮੀਅਰ ਸਮੇਤ ਹੋਰ ਨੇੜਲੇ ਖੇਤਰਾਂ ਵਿੱਚ ਇੱਕ ਜਾਣੇ-ਪਛਾਣੇ ਚਿਹਰੇ ਵਜੋਂ ਜਾਣਿਆ ਜਾਂਦਾ ਹੈ। ਉਹ ਮੁੱਖ ਤੌਰ ’ਤੇ ਬਜ਼ੁਰਗਾਂ, ਭੁੱਖੇ ਅਤੇ ਬਿਮਾਰਾਂ ਨੂੰ ਸਹਾਇਤਾ ਦੇਣ ’ਤੇ ਧਿਆਨ ਕੇਂਦ੍ਰਤ ਕਰਦੇ ਹਨ। ਨਾਸ਼ਤੇ ਤੋਂ ਲੈ ਕੇ ਰਾਤ ਦੇ ਖਾਣੇ ਤੱਕ ਹਰ ਰੋਜ਼ ਸੈਂਕੜੇ ਅੱਖਾਂ ਉਸ ਨੂੰ ਉਡੀਕਦੀਆਂ ਹਨ। ਅਸ਼ਵਨੀ ਸ਼ਰਮਾ ਭਾਵੁਕ ਹੋ ਕੇ ਕਹਿੰਦੇ ਹਨ ਕਿ ਮੇਰੀ ਮਾਂ ਵੀ ਅਜਿਹੀ ਹੀ ਸੀ। ਇਹ ਪ੍ਰਸ਼ੰਸਾ ਮੇਰੇ ਲਈ ਬਹੁਤ ਮਾਇਨੇ ਰੱਖਦੀ ਹੈ। ਮੈਂ ਭੋਜਨ ਇਕੱਠਾ ਕਰਨ ਅਤੇ ਇਸਨੂੰ ਦੁਬਾਰਾ ਵੰਡਣ ਵਿੱਚ ਬਹੁਤ ਵਿਅਸਤ ਹਾਂ। ਹਰ ਐਤਵਾਰ ਮੈਨੂੰ ਗੁਰਦੁਆਰਿਆਂ, ਮੰਦਰਾਂ ਅਤੇ ਚਰਚਾਂ ਵਿੱਚ ਬਜ਼ੁਰਗਾਂ ਅਤੇ ਹੋਰ ਲੋਕਾਂ ਲਈ ਰੋਟੀ ਮਿਲ ਜਾਂਦੀ ਹੈ, ਜੋ ਮੈਂ ਵੱਖ-ਵੱਖ ਥਾਵਾਂ ’ਤੇ ਬੇਘਰੇ ਲੋਕਾਂ ਨੂੰ ਵੰਡਦਾ ਹਾਂ। ਮੈਂ ਹਸਪਤਾਲ ਵਿੱਚ ਉਨ੍ਹਾਂ ਲੋਕਾਂ ਨੂੰ ਮਿਲਦਾ ਹਾਂ ਜਿਨ੍ਹਾਂ ਕੋਲ ਕੋਈ ਨਹੀਂ ਆਉਂਦਾ। ਮੈਂ ਬਚਪਨ ਵਿੱਚ ਦੇਖਿਆ ਹੈ, ਮੇਰੀ ਮਾਂ ਵੀ ਅਜਿਹੀ ਹੀ ਸੀ, ਉਹ ਹਮੇਸ਼ਾ ਬਜ਼ੁਰਗਾਂ ਦੀ ਮਦਦ ਕਰਨ ਵਿੱਚ ਰੁੱਝੀ ਰਹਿੰਦੀ ਸੀ। ਮੇਰੇ ਲਈ, ਸਾਰੇ ਲੋਕ ਇੱਕੋ ਜਿਹੇ ਹਨ, ਹਰ ਕਿਸੇ ਦਾ ਖ਼ੂਨ ਲਾਲ ਹੈ। ਅਸ਼ਵਨੀ ਸ਼ਰਮਾ ਅਨੁਸਾਰ ਜਦੋਂ ਤੱਕ ਮੇਰਾ ਸਾਹ ਚੱਲੇਗਾ ਅਤੇ ਮੇਰਾ ਸਰੀਰ ਮੇਰਾ ਸਾਥ ਦਿੰਦਾ ਰਹੇਗਾ, ਮੇਰਾ ਇਹ ਰੁਟੀਨ ਨਿਰਵਿਘਨ ਜਾਰੀ ਰਹੇਗਾ। ਐਮਸਟਰਡਮ ਦੀ ਸਰਕਾਰ ਅਤੇ ਹਾਲੈਂਡ ਦੀਆਂ ਹੋਰ ਕਈ ਸੰਸਥਾਵਾਂ ਵੱਲੋਂ ਉਸ ਨੂੰ ਇਸ ਨੇਕ ਕਾਰਜ ਲਈ ਸਨਮਾਨਿਤ ਕੀਤਾ ਜਾ ਚੁੱਕਾ ਹੈ। ਸਾਲ 2023 ਦੇ ਸਰਵੋਤਮ ਵਲੰਟੀਅਰ ਦਾ ਮੈਰਿਟ ਦਰਖ਼ਤ ਸਾਲ 20 24 ਵਿੱਚ ਵੀ ਉਨ੍ਹਾਂ ਦੇ ਨਾਂ ’ਤੇ ਸਥਾਪਿਤ ਕੀਤਾ ਗਿਆ ਹੈ, ਜੋ ਅਗਲੇ ਸੌ ਸਾਲਾਂ ਤੱਕ ਉਨ੍ਹਾਂ ਦੇ ਨਾਂ ’ਤੇ ਰਹੇਗਾ। ਭਾਵ, ਉਸ ਦੀ ਮੌਤ ਦੇ ਸਾਲਾਂ ਬਾਅਦ ਵੀ, ਉਹ ਰੁੱਖ ਧਰਤੀ ਉੱਤੇ ਉਸਦਾ ਨਾਮ ਅਤੇ ਪਛਾਣ ਕਾਇਮ ਰੱਖੇਗਾ। ਅਸ਼ਵਨੀ ਸ਼ਰਮਾ ਯਕੀਨਨ ਵਿਦੇਸ਼ਾਂ ਵਿੱਚ ਵਸਦੇ ਲੱਖਾਂ ਅਜਿਹੇ ਲੋਕਾਂ ਲਈ ਇੱਕ ਪ੍ਰੇਰਨਾ ਸਰੋਤ ਹੈ ਜੋ ਆਪਣੇ ਬਜ਼ੁਰਗ ਜਾਂ ਬਿਮਾਰ ਮਾਪਿਆਂ ਨੂੰ ਆਪਣੀ ਖ਼ੁਸ਼ੀ ਲਈ ਓਲਡ ਏਜ ਹੋਮ ਦੇ ਹਵਾਲੇ ਕਰ ਦਿੰਦੇ ਹਨ।

# ਸਰਸਵਤੀ ਕਾਲਜ ਘੜੂੰਆਂ ਵਖੇ ਖ਼ੂਨਦਾਨ ਕੈਂਪ ਅਤੇ ਮੈਡੀਕਲ ਕੈਂਪ 'ਚ 210 ਯੂਨਿਟ ਖ਼ੂਨ ਇੱਕਤਰ ਕੀਤਾ



ਖਰੜ, 1 ( ਕਾਲਾਂ ਸੰਘ ਸੈਣੀ )- ਨਜ਼ਦੀਕੀ ਸਰਸਵਤੀ ਗਰੁੱਪ ਆਫ਼ ਕਾਲਜ ਘੜੂੰਆਂ ਵਿਖੇ ਸਵ. ਰਤਨ ਲਾਲ ਅਗਰਵਾਲ ਦੀ ਸਾਲਾਨਾ ਬਰਸੀ ਮੌਕੇ 13ਵਾਂ ਖ਼ੂਨਦਾਨ ਕੈਂਪ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਸਵੇਰੇ ਪਹਿਲਾਂ ਹਵਨ ਯੱਗ ਕੀਤਾ ਗਿਆ ਅਤੇ ਸ਼ਾਮਾਂ ਰੌਸ਼ਨ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ, ਜਿਸ ਤੋਂ ਬਾਅਦ ਮੈਡੀਕਲ ਅਤੇ ਖ਼ੂਨਦਾਨ ਕੈਂਪ ਤਾਂ ਆਯੋਜਨ ਕੀਤਾ ਗਿਆ ਜਿਸ ਵਿਚ 210 ਖ਼ੂਨਦਾਨੀਆਂ ਵਲੋਂ ਖ਼ੂਨਦਾਨ ਕੀਤਾ ਗਿਆ। ਇਸ ਮੌਕੇ ਪੀ.ਜੀ.ਆਈ. ਚੰਡੀਗੜ੍ਹ ਬਲੱਡ ਬੈਂਕ ਦੀ ਟੀਮ ਵੱਲੋਂ 150 ਯੂਨਿਟ ਅਤੇ ਇੰਡਸ ਹਸਪਤਾਲ ਬਲੱਡ ਬੈਂਕ ਦੀ ਟੀਮ ਵੱਲੋਂ 60 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਇਸ ਮੌਕੇ ਡਾ. ਸੰਜੀਵ ਗੋਇਲ ਰਜਿਸਟਰਾਰ ਸ੍ਰੀ ਗੁਰੂ ਰਵਿਦਾਸ ਯੂਨੀਵਰਸਿਟੀ ਅਤੇ ਡਾ. ਪੁਨੀਤ ਗਿਰਦਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਖ਼ੂਨਦਾਨ ਕਰਨ ਵਾਲਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਕਾਲਜ ਚੇਅਰਮੈਨ ਬੀ. ਐੱਲ. ਅਗਰਵਾਲ ਵਲੋਂ ਮੁੱਖ ਮਹਿਮਾਨ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਨੇ ਕਿਹਾ ਕਿ ਖ਼ੂਨਦਾਨ ਇਕ ਮਹਾਦਾਨ ਹੈ, ਕਾਲਜ ਪ੍ਰਬੰਧਕਾਂ ਦਾ ਇਹ ਇਕ ਬਹੁਤ ਵਧੀਆ ਉਪਰਾਲਾ ਹੈ ਅਤੇ ਇਨ੍ਹਾਂ ਦਿਨਾਂ ਵਿਚ ਖ਼ੂਨ ਦੀ ਵੀ ਬਹੁਤ ਜ਼ਿਆਦਾ ਜ਼ਰੂਰਤ ਪੈਂਦੀ ਹੈ। ਇਸ ਮੌਕੇ ਕਾਲਜ ਚੇਅਰਮੈਨ ਬੀ. ਐੱਲ. ਅਗਰਵਾਲ ਨੇ ਕਿਹਾ ਕਿ ਹਰ ਸਾਲ ਉਨ੍ਹਾਂ ਦੇ ਪਿਤਾ ਜੀ ਦੀ ਯਾਦ ਵਿਚ ਖ਼ੂਨਦਾਨ ਕੈਂਪ ਲਾਇਆ ਜਾਂਦਾ ਹੈ ਅਤੇ ਭੰਡਾਰਾ ਕੀਤਾ ਜਾਂਦਾ ਹੈ। ਇਸ ਮੌਕੇ ਖੀਰ ਤੇ ਪੂੜੀਆਂ-ਛੋਲਿਆਂ ਦਾ ਭੰਡਾਰਾ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਕਾਲਜ ਡਾਇਰੈਕਟਰ ਲੋਕੇਸ਼ ਗੋਇਲ, ਡਾਇਰੈਕਟਰ ਸ਼ੁਭਮ ਅਗਰਵਾਲ, ਖ਼ੁਸ਼ਵੰਤ ਰਾਏ ਗੀਗਾ, ਬਾਬਾ ਬਲਬੀਰ ਸਿੰਘ, ਕੌਂਸਲਰ ਹਰਪ੍ਰੀਤ ਸਿੰਘ ਭੰਡਾਰੀ, ਮਨਪ੍ਰੀਤ ਸਿੰਘ ਭੰਡਾਰੀ, ਕੌਂਸਲਰ ਨਰਿੰਦਰ ਸਿੰਘ ਨਿੰਦਾ ਸਮੇਤ ਸਮੂਹ ਐਸ.ਜੀ.ਸੀ. ਕਾਲਜਾਂ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸੇਵਕਸਰ ਸਾਹਿਬ ਪਿੰਡ ਖਾਨਪੁਰ ਵੱਲੋਂ ਨਗਰ ਕੀਰਤਨ ਸਜਾਇਆ



ਖਰੜ, ( ਕਾਲਾਂ ਸੰਘ ਸੈਣੀ )-ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਸੇਵਕਸਰ ਸਾਹਿਬ ਪਿੰਡ ਖਾਨਪੁਰ ਵੱਲੋਂ ਨਗਰ ਕੀਰਤਨ ਸਜਾਇਆਂ ਗਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ੍ਰੀ ਸੇਵਕਸਰ ਸਾਹਿਬ ਦੇ ਪ੍ਰਧਾਨ ਹਰਨੇਕ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਖਾਨਪੁਰ ਦੀ ਸੰਗਤ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਤੇ ਸਲਾਨਾ ਸਮਾਗਮ ਅੱਜ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਆਰੰਭ ਹੋਣ ਉਪਰੰਤ ਆਰੰਭ ਕਰ ਦਿੱਤੇ ਗਏ ਹਨ ਜਿਸ ਦੇ ਤਹਿਤ ਹੀ ਅੱਜ ਗੁਰਦੁਆਰਾ ਸਾਹਿਬ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪ੍ਰਭਾਵਸ਼ਾਲੀ ਨਗਰ ਕੀਰਤਨ ਸਜਾਏ ਗਏ ਜਿਸ ਵਿੱਚ ਪਿੰਡ ਵਾਸੀਆਂ ਵੱਲੋਂ ਹੁੰਮ ਹੁਮਾ ਕੇ ਸ਼ਿਰਕਤ ਕੀਤੀ ਗਈ। ਉਹਨਾਂ ਦੱਸਿਆ ਕਿ ਨਗਰ ਕੀਰਤਨ ਅੱਜ ਦੁਪਹਿਰ ਸਮੇਂ ਪਿੰਡ ਖਾਨਪੁਰ ਦੇ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਦਰਪਣ ਸਿਟੀ, ਗਾਰਡਨ ਕਲੋਨੀ, ਰਣਜੀਤ ਨਗਰ, ਸਿਵਲ ਹਸਪਤਾਲ ਰੋਡ, ਬੱਸ ਸਟੈਂਡ ਖਰੜ ਤੋਂ ਹੁੰਦਾ ਹੋਇਆ ਪਿੰਡ ਦੀ ਪਰਿਕਰਮਾ ਕਰਨ ਤੋਂ ਬਾਅਦ ਗੁਰਦੁਆਰਾ ਸ੍ਰੀ ਸੇਵਕਸਰ ਸਾਹਿਬ ਵਿਖੇ ਸਮਾਪਤ ਹੋਇਆ। ਉਨਾਂ ਦੱਸਿਆ ਕਿ ਇਸ ਮੌਕੇ ਸ਼ਹੀਦ ਬਾਬਾ ਦੀਪ ਸਿੰਘ ਗੱਤਕਾ ਅਖਾੜਾ ਪਿੰਡ ਅਭੇਪੁਰ ਦੇ ਸਿੰਘਾਂ ਵੱਲੋਂ ਸੰਗਤ ਅਤੇ ਸ਼ਹਿਰ ਵਾਸੀਆਂ ਨੂੰ ਗੱਤਕੇ ਦੇ ਜੌਹਰ ਦਿਖਾਏ ਗਏ।


# ਵਿਥੀਆ ਦੇ ਰੂ-ਬ-ਰੂ' ਅਤੇ 'ਉਦਾਸੀ ਚਾਨਣੀ' ਦਾ ਲੋਕ ਅਰਪਣ ਸਮਾਰੋਹ ਦਾ ਆਯੋਜਨ ਕੀਤਾ

ਖਰੜ, ( ਕਾਲਾਂ ਸੰਘ ਸੈਣੀ )-ਗ਼ਦਰੀ ਬਾਬੇ ਵਿਚਾਰਧਾਰਕ ਮੰਚ ਪੰਜਾਬ ਅਤੇ ਸਾਹਿਤ ਸਭਾ ਰਜਿ: ਬਹਿਰਾਮਪੁਰ ਬੇਟ ਵਲੋਂ ਸਾਂਝੇ ਉਦਮ ਨਾਲ ਇੱਕ ਸਾਹਿਤਕ ਸਮਾਰੋਹ ਦਾ ਆਯੋਜਨ ਕੀਤਾ ਗਿਆ। ਡਾਕਟਰ ਗੁਰਮੇਲ ਸਿੰਘ ਚੰਡੀਗੜ੍ਹ ਦੀ ਪ੍ਰਧਾਨਗੀ ਹੇਠ ਆਯੋਜਿਤ ਇਸ ਸਮਾਗਮ ਵਿੱਚ ਮੰਚ ਉੱਤੇ ਡਾਕਟਰ ਕਰਨੈਲ ਸਿੰਘ ਸਾਬਕਾ ਡੀ ਪੀ ਆਈ ਕਾਸਲਜ ਪੰਜਾਬ,ਗੀਤਕਾਰ ਹਰਬੰਸ ਮਾਲਵਾ,ਡਾਕਟਰ ਸੰਤੋਖ ਸਿੰਘ ਸੁੱਖੀ, ਰਾਬਿੰਦਰ ਸਿੰਘ ਰੱਬੀ, ਕਿਤਾਬਾਂ ਦੇ ਲੇਖਕ ਹਰਨਾਮ ਸਿੰਘ ਡੱਲਾ ਸਸ਼ੋਭਤ ਸਨ। ਨਾਵਲ ਅਵਾਰਡੀ ਸ੍ਰੀ ਸੰਤਵੀਰ ਨੇ ਹਾਜ਼ਰ ਦਰਸ਼ਕਾਂ ਨੂੰ ਜੀ ਆਇਆਂ ਕਿਹਾ। ਉਪਰੰਤ ਸਾਹਿਤਕ ਗੀਤਾਂ ਦੇ ਰਚੇਤਾ ਖ਼ੁਸ਼ੀ ਰਾਮ ਨਿਮਾਣਾ ਅਤੇ ਤਰਸੇਮ ਸਿੰਘ ਨਿਮਾਣਾ ਦੇ ਗੀਤਾਂ ਨਾਲ ਸਮਾਗਮ ਦੀ ਸ਼ੁਰੂਆਤ ਹੋਈ। ਸਭ ਤੋਂ ਪਹਿਲਾਂ ਹਰਨਾਮ ਸਿੰਘ ਡੱਲਾ ਰਚਿਤ ਕਾਵਿ ਪੁਸਤਕ ਵਿਥਿਆ ਦੇ ਰੂ-ਬ-ਰੂ ਬਾਰੇ ਡਾਕਟਰ ਸੰਤੋਖ ਸਿੰਘ ਸੁੱਖੀ ਨੇ ਭਾਵਪੂਰਤ ਪਰਚਾ ਪੜ੍ਹਿਆ। ਉਨ੍ਹਾਂ ਕਿਹਾ ਕਿ ਹਰਨਾਮ ਸਿੰਘ ਡੱਲਾ ਕਿਰਤੀ ਲੋਕਾਂ ਦਾ ਸ਼ਾਇਰ ਹੈ। ਉਹ ਪੰਜਾਬ ਵਿੱਚ ਉੱਠੀਆਂ ਜੁਝਾਰਵਾਦੀ ਲਹਿਰਾਂ ਤੋਂ ਭਲੀਭਾਂਤ ਜਾਣੂ ਹੈ ਅਤੇ ਅਪਣੀਆਂ ਕਵਿਤਾਵਾਂ ਵਿੱਚ ਦਲਿਤਾਂ ਉੱਤੇ ਹੁੰਦੇ ਵਰਣ ਵਿਵਸਤਾਈ ਜ਼ੁਲਮ ਵਿਰੁੱਧ ਆਵਾਜ਼ ਬੁਲੰਦ ਕਰਨ ਦਾ ਅਕਰੋਸੀ ਕਵੀ ਹੈ। ਉਸ ਦੀ ਕਵਿਤਾ ਵਿੱਚ ਵਿਹੜਿਆਂ ਵਿੱਚ ਵਸਦੇ ਲੋਕਾਂ ਦਾ ਦਰਦ ਹੈ। ਉਸ ਦੇ ਗੀਤ ਮਜ਼ਦੂਰਾਂ, ਕਿਸਾਨਾਂ,ਔਰਤਾਂ ਅਤੇ ਸਾਮਰਾਜੀ ਮੁਲਕਾਂ ਦੇ ਜਬਰ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਦੇ ਹਨ। ਜਿਸ ਦੀ ਰਚਨਾ ਦਾ ਸਾਹਿਤਕ ਹਲਕਿਆਂ ਵਿੱਚ ਸਵਾਗਤ ਦੇਖਿਆ ਗਿਆ ਹੈ। ਉਹ ਸੁਜੱਗ ਸ਼ਾਇਰ ਹੈ ਅਤੇ ਹਿੰਮਤ ਨਾਲ ਪ੍ਰਬੰਧ ਦੇ ਖਿਲਾਫ਼ ਗੱਲ ਰੱਖਣ ਦੀ ਦਲੇਰੀ ਰੱਖਦਾ ਹੈ। ਸ੍ਰੀ ਰਾਬਿੰਦਰ ਸਿੰਘ ਰੱਬੀ ਨੇ ਦੂਜੀ ਪੁਸਤਕ ਉਦਾਸੀ ਚਾਨਣੀ ਗ਼ਜ਼ਲ ਸੰਗ੍ਰਹਿ ਵਿਚਲੀਆਂ ਗ਼ਜ਼ਲਾਂ ਦੇ ਚੁਣੀਂਦਾ ਸ਼ਿਅਰਾਂ ਦਾ ਪਾਠ ਕਰਕੇ ਸਰੋਤਿਆਂ ਨੂੰ ਉਸ ਦੀ ਗ਼ਜ਼ਲ ਵਿਧਾ ਦੀਆਂ ਖ਼ੂਬੀਆਂ ਅਤੇ ਊਣਤਾਈਆਂ ਬਾਰੇ ਬੋਲਦਿਆਂ ਕਿਹਾ ਕਿ ਹਰਨਾਮ ਸਿੰਘ ਡੱਲਾ ਨੇ ਉਦਾਸੀ ਚਾਨਣੀ ਗ਼ਜ਼ਲ ਸੰਗ੍ਰਹਿ ਵਿੱਚ ਬਹੁਤ ਸਾਰੀਆਂ ਗ਼ਜ਼ਲਾਂ ਬੜੇ ਸੁੰਦਰ ਢੰਗ ਨਾਲ ਬਿਆਨੀਆਂ ਹਨ। ਜਿਹੜੀਆਂ ਪਾਠਕਾਂ ਨੂੰ ਖ਼ੂਬਸੂਰਤ ਸੁਨੇਹੇ ਦਿੰਦੀਆਂ ਹਨ। ਪਰ ਇਸ ਪੁਸਤਕ ਵਿੱਚ ਕੁਝ ਵਿਆਕਰਨਿਕ ਗ਼ਲਤੀਆਂ ਨੂੰ ਵੀ ਅੱਖੋਂ ਓਹਲੇ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਵੇਰਵਿਆਂ ਤਹਿਦ ਗ਼ਜ਼ਲ ਵਿਧਾ ਨੂੰ ਸੁੰਦਰ ਬਣਾਉਂਣ ਦੇ ਸੁਝਾਵਾਂ ਨਾਲ ਆਪਣੀ ਗਲ ਸਮਾਪਤ ਕੀਤੀ। ਪੁਸਤਕਾਂ ਦੇ ਲੇਖਕ ਹਰਨਾਮ ਸਿੰਘ ਡੱਲਾ ਨੇ ਉਕਤ ਦੋਵਾਂ ਵਿਦਵਾਨਾਂ ਵਲੋਂ ਦਿੱਤੇ ਸੁਝਾਵਾਂ ਦਾ ਸਵਾਗਤ ਕਰਦਿਆਂ ਦੋਵਾਂ ਪੁਸਤਕਾਂ ਵਿੱਚੋਂ ਕੁਝ ਰਚਨਾਵਾਂ ਸੁਣਾ ਕੇ ਸਰੋਤਿਆਂ ਤੋਂ ਭਰਪੂਰ ਦਾਦ ਲਈ। ਇਸ ਸਮੇਂ ਹਾਜ਼ਰ ਸਾਹਿਤਕਾਰਾਂ ਵਲੋਂ ਕਵੀ ਦਰਬਾਰ ਵਿੱਚ ਆਪੋ ਆਪਣੀਆਂ ਰਚਨਾਵਾਂ ਨਾਲ ਰੰਗ ਬੰਨ੍ਹਿਆਂ। ਸ੍ਰੀ ਪਵਨ ਮੁੰਤਜ਼ਿਰ ਨੇ ਗ਼ਜ਼ਲ,ਦਰਸ਼ਨ ਸਿੰਘ ਬਨੂੰੜ,ਗੁਰਿੰਦਰ ਸਿੰਘ ਕਲਸੀ,ਰਘਬੀਰ ਸਿੰਘ ਮਹਿਰਮ,ਪਿਆਰਾ ਸਿੰਘ ਰਾਹੀ,ਸੁਰਜੀਤ ਸੁਮਨ,ਰਾਬਿੰਦਰ



ਸਿੰਘ ਰੱਬੀ,ਸੰਤ ਸਿੰਘ ਸੋਹਲ,ਨੇਤਰ ਸਿੰਘ ਮੁਤੋਂ,ਜੈ ਸਿੰਘ ਛਿੱਬਰ,ਸੁਰਿੰਦਰਜੀਤ ਚੌਹਾਨ,ਅਰਵਿੰਦਰ ਸਿੰਘ ਬਸੀ ਪਠਾਣਾ,ਸੰਤੋਖ ਸਿੰਘ ਸੁੱਖੀ,ਕੁਲਵਿੰਦਰ ਅਤੇ ਗੀਤਕਾਰ ਹਰਬੰਸ ਮਾਲਵਾ ਨੇ ਬਾ-ਕਮਾਲ ਰਚਨਾਵਾਂ ਸੁਣਾ ਕੇ ਕਵੀ ਦਰਬਾਰ ਨੂੰ ਯਾਦਗਾਰੀ ਬਣਾਇਆ। ਇਸ ਸਮੇਂ ਉਰਦੂ ਉਸਤਾਦ ਜਨਾਬ ਆਰਫ਼ ਮੁਹੰਮਦ ਇਰਫ਼ਾਨ,ਨਿਰਵੈਰ ਕੌਰ,ਸੁਰਿੰਦਰ ਸਿੰਘ ਰਸੂਲਪੁਰ,ਡਾਕਟਰ ਰਾਜਿੰਦਰ ਸਿੰਘ ਕੁਰਾਲੀ,ਸ੍ਰੀ ਗੁਰੂ ਰਵਿਦਾਸ ਸਭਾ ਦੇ ਪ੍ਰਧਾਨ ਮਦਨ ਲਾਲ ਜਨਾਗਲ,ਜੰਗ ਸਿੰਘ ਐੱਸ ਆਰ ਮੱਲ ਅਤੇ ਸਵਰਨ ਸਿੰਘ ਬਡਵਾਲੀ ਵੀ ਮੌਜੂਦ ਸਨ। ਅੰਤ ਵਿੱਚ ਸਾਹਿਤ ਸਭਾ ਬਹਿਰਾਮਪੁਰ ਬੇਟ ਵਲੋਂ ਡਾਕਟਰ ਗੁਰਮੇਲ ਸਿੰਘ ਅਤੇ ਸੁਰਿੰਦਰਜੀਤ ਚੌਹਾਨ ਨੂੰ ਯਾਦ ਚਿੰਨ ਅਤੇ ਲੋਈ ਅਰਪਣ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਗ੍ਰਾਮ ਲੁਧਿਆਣਾ ਵੱਲੋਂ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਪਰਿਵਾਰਾਂ ਅਤੇ ਵੰਸ਼ਜਾ ਨੂੰ ਕੀਤਾ ਜਾਏਗਾ ਸਨਮਾਨਿਤ



ਲੁਧਿਆਣਾ (ਸੁਖਚੈਨ ਮਹਿਰਾ)ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਗ੍ਰਾਮ ਲੁਧਿਆਣਾ, ਨਜ਼ਦੀਕ ਮਾਲਵਾ ਸਕੂਲ ਕੋਚਰ ਮਾਰਕਿਟ ਵੱਲੋਂ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ (ਜਿਨਾਂ ਨੇ ਠੰਡੇ ਬੁਰਜ ਵਿੱਚ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਨੂੰ ਦੁੱਧ ਛਕਾਇਆ ਗਿਆ ਸੀ) ਤੇ ਉਸ ਟਾਈਮ ਦੀਆਂ ਹਕੂਮਤ ਨੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦਾ ਸਾਰਾ ਪਰਿਵਾਰ ਕੋਲੂ ਵਿੱਚ ਪੀੜ ਦਿੱਤਾ ਗਿਆ। ਉਹਨਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਉਨਾਂ ਦੇ ਮਹਿਰਾ ਪਰਿਵਾਰ ਦੇ ਵੰਸ਼ਜਾਂ ਨੂੰ ਮਿਤੀ 16 ਫਰਵਰੀ 2025 ਦਿਨ ਐਤਵਾਰ

ਸਮਾਂ ਸਵੇਰੇ 11 ਤੋ 2 ਵੱਜੇ ਉਹਨਾਂ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਗ੍ਰਾਮ ਕੋਚਰ ਮਾਰਕੀਟ ਵੱਲੋਂ ਸਨਮਾਨਿਤ ਕੀਤਾ ਜਾਵੇਗਾ। ਸਾਰੇ ਹੀ ਮਹਿਰਾ ਬਰਾਦਰੀ ਦੇ ਪਰਿਵਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਵੱਧ ਤੋਂ ਵੱਧ ਸੰਗਤਾਂ ਪਹੁੰਚਣ ਦੀ ਕਿਰਪਾਲਤਾ ਕਰਨ ਜੀ ਧੰਨਵਾਦ ਜੀ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਬਾਬਾ ਗੁਰਜੀਤ ਸਿੰਘ ਜੀ ਨੇ ਸੁਖ ਸਾਗਰ (ਚੈ)ਟ੍ਰਸਟ ਨਾਨਕਸਰ ਵਿਖੇ ਬਲੱਡ ਕੁਲੈਕਸ਼ਨ ਸੈਂਟਰ ਤੇ ਮੈਡੀਕਲ ਕੈਂਪ ਦਾ ਉਦਘਾਟਨ ਕੀਤਾ






ਲੁਧਿਆਣਾ (ਸੁਖਚੈਨ ਮਹਿਰਾ)ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਜਗਰਾਉਂ ਸ਼ਹਿਰ ਵਿੱਚ ਗੁਰਦੁਆਰਾ ਸਾਹਿਬ ਨਾਨਕਸਰ ਕਲੇਰਾਂ, ਨਾਨਕਸਰ ਰੋਡ, ਨੇੜੇ ਜਗਰਾਉਂ , ਲੁਧਿਆਣਾ ਵਿਖੇ ਡਾਕਟਰ ਬਲਵਿੰਦਰ ਸਿੰਘ ਪਲਾਹਾ ਮੁਖ ਸੇਵਾਦਾਰ ਸੁੱਖ ਸਾਗਰ ਚੈਰੀਟੇਬਲ ਟ੍ਰੱਸਟ ਦੇ ਸਹਿਯੋਗ ਦੇ ਨਾਲ ਪੰਜਾਬ ਵਿੱਚ 103ਵਾਂ ਬਲੱਡ ਕਲੈਕਸ਼ਨ ਸੈਂਟਰ ਖੋਲਿਆ ਗਿਆ ਹੈ,ਜਿਸ ਵਿੱਚ ਬਹੁਤ ਸਾਰੇ ਖੂਨ ਦੇ ਟੈਸਟ ਬਹੁਤ ਘੱਟ ਰੇਟ ਵਿੱਚ ਕੀਤੇ ਜਾਣਗੇ। ਇਸ ਬਲੱਡ ਕਲੈਕਸ਼ਨ ਸੈਂਟਰ ਦਾ ਉਦਘਾਟਨ ਬਾਬਾ ਗੁਰਜੀਤ ਸਿੰਘ ਜੀ ਮੌਜੂਦਾ ਮੁਖੀ ਨਾਨਕਸਰ ਵਾਲਿਆਂ ਵਲੋਂ ਕੀਤਾ ਗਿਆ। ਇਸ ਮੌਕੇ ਤੇ ਬਾਬਾ ਈਸ਼ਰ ਸਿੰਘ ਸਰਪ੍ਰਸਤ ਸੁਖ ਸਾਗਰ ਚੈਰੀਟੇਬਲ ਟਰੱਸਟ, ਡਾਕਟਰ ਬਲਵਿੰਦਰ ਸਿੰਘ ਮੁੱਖ ਸੇਵਾਦਾਰ ਵੱਲੋਂ ਬਾਬਾ ਗੁਰਜੀਤ ਸਿੰਘ ਮੁੱਖੀ ਨਾਨਕਸਰ, ਸਿੱਖ ਪ੍ਰਚਾਰਕ ਰਾਗੀ ਭਾਈ ਰਿਕੂ ਸਿੰਘ ਬੰਬੇ ਵਾਲੇ ਅਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁਖ ਸੇਵਾਦਾਰ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ ਦਾ ਵਿਸ਼ੇਸ਼ ਤੌਰ ਤੇ ਸਿਰੋਪਾਉ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।


ਇਸ ਸ਼ੁੱਭ ਮੌਕੇ ਤੇ ਲਾਏ ਗਏ ਚੈਰੀਟੇਬਲ ਕੈਂਪ ਵਿੱਚ ਇੱਕ ਸ਼ੂਗਰ ਟੈਸਟ ਤੇ ਪੰਜ ਗੁਰਦਿਆਂ ਦੇ ਟੈਸਟ ਬਿਲਕੁਲ ਮੁਫਤ ਕੀਤੇ ਗਏ ਤੇ ਆਮ ਲੋਕਾਂ ਨੂੰ ਸਿਹਤਮੰਦ ਜਿੰਦਗੀ ਜੀਣ ਸੰਬੰਧੀ ਚੰਗੀਆਂ ਆਦਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਖੂਨ ਦੀ ਜਾਂਚ ਸੰਬੰਧੀ ਲਗਾਏ ਗਏ ਇਸ ਕੈਂਪ ਦੀ ਸ਼ੁਰੂਆਤ ਸਵੇਰੇ 07:00 ਵਜੇ ਤੇ ਸਮਾਪਤੀ 11:30 ਵਜੇ ਹੋਈ । ਇਸ ਸਮੇਂ ਬਾਬਾ ਗੁਰਜੀਤ ਸਿੰਘ ਜੀ ਨਾਨਕਸਰ ਵਾਲਿਆਂ ਨੇ ਇਸ ਸਾਰੇ ਉਪਰਾਲੇ ਤੇ ਖੁਸ਼ੀ ਜ਼ਾਹਿਰ ਕੀਤੀ ਤੇ ਤਸੱਲੀ ਵੀ ਪ੍ਰਗਟਾਈ। ਫਾਊਂਡੇਸ਼ਨ ਦੇ ਜਰਨਲ ਮੈਨੇਜਰ ਹਰਦੀਪ ਸਿੰਘ ਨੇ ਇਸ ਸੰਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਸੈਂਟਰ ਵਿੱਚ ਜਿਥੇ ਆਮ ਹੋਣ ਵਾਲੇ ਖੂਨ ਦੇ ਟੈਸਟ 75 ਫੀਸਦੀ ਘੱਟ ਰੇਟਾਂ ਤੇ ਹੋਣਗੇ,ਉਥੇ ਲਾਈਫ ਕੇਅਰ ਫਾਊਂਡੇਸ਼ਨ ਵਲੋਂ ਸ਼ੁਰੂ ਕੀਤੀ ਗਈ ਪਹਿਲਕਦਮੀ ਦੇ ਤਹਿਤ,ਬਾਕੀ ਸੈਂਟਰਾਂ ਵਾਂਗ ਇਥੇ ਵੀ ਕੈਂਸਰ ਤੇ ਗੁਰਦਿਆਂ ਦੇ ਰੋਗੀਆਂ ਦੀ ਹੋਣ ਵਾਲੀ ਕੀਮੋਥੇਰੇਪੀ ਤੇ ਡਾਇਲਿਸਿਸ ਤੋਂ ਪਹਿਲਾਂ ਹੋਣ ਵਾਲੇ ਖੂਨ ਦੇ ਟੈਸਟ ਹੁਣ ਇਸ ਸੈਂਟਰ ਵਿੱਚ ਵੀ ਮੁਫ਼ਤ ਵਿੱਚ ਕੀਤੇ ਜਾਣਗੇ। ਇਸ ਮੌਕੇ ਤੇ ਸਮੂਹ ਸੁੱਖ ਸਾਗਰ ਚੈਰੀਟੇਬਲ ਟ੍ਰੱਸਟ ਦੇ ਮੈਂਬਰਾਂ ਸਮੇਤ ਲਾਈਫ ਕੇਅਰ ਫਾਊਂਡੇਸ਼ਨ ਦੀ ਟੀਮ ਦੇ ਜਰਨਲ ਮੈਨੇਜਰ ਹਰਦੀਪ ਸਿੰਘ ,ਮਨਦੀਪ ਸਿੰਘ,ਪ੍ਰਦੀਪ ਸਿੰਘ, ਪ੍ਰਭਦੀਪ ਸਿੰਘ,ਸੁਰਿੰਦਰ ਸਿੰਘ,ਮਨੀਸ਼,ਸੰਦੀਪ ਸਿੰਘ ਵੀ ਹਾਜ਼ਰ ਸਨ।

# ਵਿਗਿਆਨਕ ਚੇਤਨਾ ਪਰਖ ਪ੍ਰੀਖਿਆ ਦੇ ਅੱਵਲ ਬੱਚੇ ਸਨਮਾਨਿਤ



ਖਰੜ, ( ਕਾਲਾਂ ਸਿੰਘ ਸੈਣੀ )-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ:) ਦੀ ਅਗਵਾਈ ਵਿੱਚ ਇਕਾਈ ਖਰੜ ਵੱਲੋਂ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਵਿਗਿਆਨਕ ਚੇਤਨਾ ਪਰਖ ਪ੍ਰੀਖਿਆ ਦਿੱਤੀ। ਤਰਕਸ਼ੀਲ ਸੁਸਾਇਟੀ ਦੇ ਜ਼ੋਨ ਚੰਡੀਗੜ੍ਹ ਦੇ ਜਥੇਬੰਦਕ ਮੁਖੀ ਪ੍ਰਿੰ. ਗੁਰਮੀਤ ਖਰੜ ਨੇ ਦੱਸਿਆ ਕਿ ਇਸ ਵਾਰ ਟੈਗੋਰ ਨਿਕੇਤਨ ਸਕੂਲ ਖਰੜ ਦੇ ਕਾਫ਼ੀ ਬੱਚਿਆਂ ਨੇ ਜ਼ੋਨ ਅਤੇ ਇਕਾਈ ਪੱਧਰ ਤੇ ਬਹੁਤ ਚੰਗੀ ਕਾਰਗੁਜ਼ਾਰੀ ਦਿਖਾਈ ਹੈ। ਉਹਨਾਂ ਅੱਗੇ ਵਿਸਥਾਰ ਨਾਲ ਦੱਸਿਆ ਕਿ ਦੋ ਵਿਦਿਆਰਥੀਆਂ ਸੁਨੇਹਾ ਅਤੇ ਜੀਵਨਜੋਤ ਨੇ ਜੋਨ ਪੱਧਰੀ ਮੈਰਿਟ ਅਤੇ ਨੌਂ ਵਿਦਿਅਰਥੀਆਂ ਮੁਸਕਾਨ, ਚਾਹਤ, ਰਹਿਮਾਨ, ਰੇਨੂਕਾ, ਨਵਦਿਸ਼ਾ, ਸੰਤੋਸ਼, ਗੌਰਵ, ਸ਼ਿਵਮ ਅਤੇ ਲੱਕੀ ਨੇ ਇਕਾਈ ਪੱਧਰ ਤੇ ਪੁਜ਼ੀਸ਼ਨਾਂ ਹਾਸਲ ਕਰਕੇ ਜਿੱਥੇ ਇਕਾਈ ਖਰੜ ਦਾ ਨਾਮ ਰੌਸ਼ਨ ਕੀਤਾ ਹੈ ਉਥੇ ਹੀ ਆਪਣੇ ਸਕੂਲ ਅਤੇ ਅਧਿਆਪਕਾਂ ਦਾ ਮਾਣ ਵੀ ਵਧਾਇਆ ਹੈ। ਇੱਕ ਸਾਦੇ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਤਹਿਤ ਸੂਬਾ ਕਮੇਟੀ ਵੱਲੋਂ ਕਿਤਾਬਾਂ ਦੇ ਸੈੱਟ ਅਤੇ ਸਨਮਾਨ ਪੱਤਰ ਦੇ ਕੇ ਇਨ੍ਹਾਂ ਅੱਵਲ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਪ੍ਰਾਪਤੀ ਤੇ ਸਕੂਲ ਦੇ ਪ੍ਰਿੰਸੀਪਲ ਜਤਿਦਰ ਗੁਪਤਾ ਨੇ ਖੁਸ਼ੀ ਜਾਹਰ ਕਰਦਿਆਂ ਕਿਹਾ ਤਰਕਸ਼ੀਲ ਸੁਸਾਇਟੀ ਪੰਜਾਬ ਵਿਗਿਆਨਕ ਚੇਤਨਾ ਹਿੱਤ ਬਹੁਤ ਵੱਡਾ ਸਮਾਜਿਕ ਕਾਰਜ ਕਰ ਰਹੀ ਹੈ। ਉਹਨਾਂ ਨੇ ਸਨਮਾਨਿਤ ਵਿਦਿਆਰਥੀਆਂ ਨੂੰ ਜਿੱਥੇ ਮੁਬਾਰਕਾਂ ਦਿੱਤੀਆਂ ਉੱਥੇ ਹੀ ਆਪਣੇ ਸਟਾਫ਼ ਮੈਂਬਰਾਂ ਸ਼੍ਰੀਮਤੀ ਨੀਤਾ ਸ਼ਰਮਾ ਅਤੇ ਦਿਨੇਸ਼ ਭੱਟੀ ਦੀ ਭਰਪੂਰ ਸਰਾਹਨਾ ਵੀ ਕੀਤੀ ।

# ਕਾਨਪੁਰ ਪ੍ਰੈੱਸ ਕਲੱਬ ਦੇ ਸਾਬਕਾ ਪ੍ਰਧਾਨ ਅਵਨੀਸ਼ ਦੀਕਸ਼ਿਤ ਦੀ ਜਾਇਦਾਦ ਜ਼ਬਤ ਕਰਨ ਦੀ ਤਿਆਰੀ


अवनीश दीक्षित, आरोपी

ਕਾਨਪੁਰ।( ਸੁਨੀਲ ਬਾਜਪਾਈ ) ਕਰੋੜਾਂ ਦੀ ਜ਼ਮੀਨ ਐਕਵਾਇਰ ਮਾਮਲੇ 'ਚ ਕਾਨਪੁਰ ਪ੍ਰੈੱਸ ਕਲੱਬ ਦੇ ਸਾਬਕਾ ਪ੍ਰਧਾਨ ਅਵਨੀਸ਼ ਦੀਕਸ਼ਿਤ ਦੀਆਂ ਮੁਸ਼ਕਿਲਾਂ ਹੋਰ ਵਧ ਗਈਆਂ ਹਨ। ਪੁਲਿਸ ਕਮਿਸ਼ਨਰ ਅਖਿਲ ਕੁਮਾਰ ਨੇ ਗੈਰ-ਕਾਨੂੰਨੀ ਤਰੀਕਿਆਂ ਨਾਲ ਹਾਸਲ ਕੀਤੀ ਕਰੋੜਾਂ ਦੀ ਜਾਇਦਾਦ ਨੂੰ ਜ਼ਬਤ ਕਰਨ ਦੇ ਹੁਕਮ ਦਿੱਤੇ ਹਨ, ਜਿਸ ਤੋਂ ਬਾਅਦ ਪੁਲਿਸ ਨੇ ਇਸ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ।

ਇਸ ਦੌਰਾਨ ਦੱਸਿਆ ਗਿਆ ਕਿ ਕਬਜ਼ਾ ਕਰਨ ਦੀ ਕੋਸ਼ਿਸ਼ ਵਿੱਚ ਜੇਲ੍ਹ ਵਿੱਚ ਬੰਦ ਪ੍ਰੈਸ ਕਲੱਬ ਦੇ ਸਾਬਕਾ ਪ੍ਰਧਾਨ ਅਵਨੀਸ਼ ਦੀਕਸ਼ਿਤ ਦੀ 2.68 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕਰ ਲਈ ਜਾਵੇਗੀ। ਪੁਲੀਸ ਕਮਿਸ਼ਨਰ ਨੇ ਅੱਜ ਸੋਮਵਾਰ ਨੂੰ ਇਸ ਮਾਮਲੇ ਵਿੱਚ ਹੁਕਮ ਦਿੱਤੇ ਹਨ। ਇਸ ਤੋਂ ਬਾਅਦ ਪੁਲਿਸ ਨੇ ਵੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ।

ਦੱਸ ਦੇਈਏ ਕਿ ਪ੍ਰੈੱਸ ਕਲੱਬ ਦੇ ਸਾਬਕਾ ਪ੍ਰਧਾਨ ਅਵਨੀਸ਼ ਦੀਕਸ਼ਿਤ ਦਾ ਨਾਂ ਸਿਵਲ ਲਾਈਨਜ਼ ਸਥਿਤ ਨਾਜ਼ੂਲ 'ਚ 1000 ਕਰੋੜ ਰੁਪਏ ਦੀ ਜ਼ਮੀਨ ਤੇ ਕਬਜ਼ਾ ਕਰਨ ਦੀ ਕੋਸ਼ਿਸ਼ 'ਚ ਸਾਹਮਣੇ ਆਇਆ ਸੀ। ਇਸੇ ਮਾਮਲੇ 'ਚ 28 ਜੁਲਾਈ 2024 ਨੂੰ ਅਕਾਊਂਟੈਂਟ ਵਿਪਨ ਕੁਮਾਰ ਨੇ ਅਵਨੀਸ਼ ਦੀਕਸ਼ਿਤ ਸਮੇਤ 13 ਨਾਮੀ ਅਤੇ 20 ਅਣਪਛਾਤੇ ਲੋਕਾਂ ਖਿਲਾਫ ਰਿਪੋਰਟ ਦਰਜ ਕਰਵਾਈ ਸੀ। ਇਸੇ ਮਾਮਲੇ 'ਚ ਸੈਮੂਅਲ ਗੁਰੂਦੇਵ ਦੀ ਤਰਫੋਂ 12 ਲੋਕਾਂ 'ਤੇ ਗੰਭੀਰ ਧਾਰਾਵਾਂ ਤਹਿਤ ਰਿਪੋਰਟ ਦਰਜ ਕਰਵਾਈ ਗਈ ਸੀ।

ਬਾਅਦ 'ਚ ਕੋਤਵਾਲੀ ਪੁਲਸ ਨੇ ਮਾਮਲੇ 'ਚ ਕਾਰਵਾਈ ਕਰਦੇ ਹੋਏ ਅਵਨੀਸ਼ ਦੀਕਸ਼ਿਤ ਨੂੰ ਗਿਰੋਹ ਦਾ ਮੁਖੀ ਬਣਾ ਕੇ ਪਹਿਲਾ ਅੰਤਰਰਾਜੀ ਗਿਰੋਹ ਦਰਜ ਕੀਤਾ ਸੀ। ਜਿਸ ਵਿੱਚ 16 ਮੁਲਜ਼ਮ ਗੈਂਗ ਦੇ ਮੈਂਬਰ ਵਜੋਂ ਦਰਜ ਕੀਤੇ ਗਏ ਸਨ। ਇਸ ਤੋਂ ਬਾਅਦ ਗਰੋਹ ਦੇ ਮੈਂਬਰਾਂ ਦੀਆਂ ਜਾਇਦਾਦਾਂ ਦੀ ਸ਼ਨਾਖਤ ਕਰਕੇ ਉਨ੍ਹਾਂ ਦੀ ਫਾਈਲ ਪੁਲੀਸ ਕਮਿਸ਼ਨਰ ਕੋਰਟ ਨੂੰ ਭੇਜੀ ਗਈ।

ਜਾਣਕਾਰੀ ਮੁਤਾਬਕ ਪੁਲਸ ਕਮਿਸ਼ਨਰ ਅਖਿਲ ਕੁਮਾਰ ਨੇ ਆਪਣੀ ਅਦਾਲਤ 'ਚ ਪੂਰੀ ਸੁਣਵਾਈ ਤੋਂ ਬਾਅਦ ਅਤੇ ਸਬੂਤਾਂ ਦੇ ਆਧਾਰ 'ਤੇ ਜਾਇਦਾਦ ਜ਼ਬਤ ਕਰਨ ਦੇ ਹੁਕਮ ਦਿੱਤੇ ਜਾਣ ਤੋਂ ਬਾਅਦ ਪੁਲਸ ਨੇ ਜੋ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ, ਉਸ ਦੇ ਤਹਿਤ ਮਾਮਲੇ ਦੀ ਸੁਣਵਾਈ ਪੂਰੀ ਹੋਣ ਤੋਂ ਬਾਅਦ ਕਿਦਵਈ ਨਗਰ ਸਥਿਤ ਅਵਨੀਸ਼ ਦੀਕਸ਼ਿਤ ਦੇ ਘਰ ਤੋਂ ਜਾਇਦਾਦ ਜ਼ਬਤ ਕਰਨ ਦੀ ਇਹ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੇ ਘਰ ਦੀ ਕੀਮਤ 2.68 ਕਰੋੜ ਰੁਪਏ ਰੱਖੀ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇੱਥੋਂ ਕਾਰਵਾਈ ਸ਼ੁਰੂ ਹੋਣ ਤੋਂ ਬਾਅਦ ਜਲਦੀ ਹੀ ਗਰੋਹ ਦੇ ਬਾਕੀ ਮੈਂਬਰਾਂ ਦੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ, ਜਿਸ ਕਾਰਨ ਉਨ੍ਹਾਂ ਦੇ ਨਾਲ-ਨਾਲ ਉਨ੍ਹਾਂ ਦੇ ਚਹੇਤਿਆਂ ਵਿੱਚ ਵੀ ਦਹਿਸ਼ਤ ਦਾ ਮਾਹੌਲ ਹੈ।

ਯਾਦ ਰਹੇ ਕਿ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦੇਸ਼ ਦੇ ਪਹਿਲੇ ਆਈਪੀਐਸ ਅਧਿਕਾਰੀ ਹਨ ਜਿਨ੍ਹਾਂ ਨੇ ਪੱਤਰਕਾਰੀ ਦੀ ਆੜ ਵਿੱਚ ਅਪਰਾਧ ਕਰਨ ਵਾਲੇ ਲੋਕਾਂ ਵਿਰੁੱਧ ਅਜਿਹੀ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਹੈ। ਇਸ ਤੋਂ ਪਹਿਲਾਂ ਪੂਰੇ ਦੇਸ਼ ਵਿੱਚ ਕਿਤੇ ਵੀ ਅਜਿਹੀ ਕਾਰਵਾਈ ਨਹੀਂ ਹੋਈ ਸੀ।

# ਨੈਸ਼ਨਲ ਖੇਡਾਂ 2025 ਪੰਜਾਬ ਜੂਡੋ ਟੀਮ ਦੇਹਰਾਦੂਨ ਉਤਰਾਖੰਡ ਲਈ ਰਵਾਨਾ

ਗੁਰਦਾਸਪੁਰ -ਨਵਨੀਤ ਕੁਮਾਰ -

27 ਜਨਵਰੀ ਤੋਂ ਉਤਰਾਖੰਡ ਵਿਖੇ ਚੱਲ ਰਹੀਆਂ ਨੈਸ਼ਨਲ ਗੇਮਸ ਦੇ ਆਖਰੀ ਪੜਾਅ ਵਿੱਚ ਜੂਡੋ ਮੁਕਾਬਲੇ 10 ਫਰਵਰੀ ਤੋਂ 13 ਫਰਵਰੀ ਤੱਕ ਹੋ ਰਹੇ ਹਨ। ਜਿਸ ਵਿੱਚ 10 ਲੜਕੇ ਅਤੇ 5 ਲੜਕੀਆਂ ਭਾਗ ਲੈ ਰਹੀਆਂ ਹਨ। ਇਸ ਟੀਮ ਦੇ ਐ ਗੁਰਦਾਸਪੁਰ ਦੇ ਸਤੀਸ਼ ਕੁਮਾਰ ਟੈਕਨੀਕਲ ਚੇਅਰਮੈਨ, ਅਤੇ ਰਵੀ ਕੁਮਾਰ ਜੂਡੋ ਕੋਚ ਗੁਰਦਾਸਪੁਰ ਹਨ।ਟੀਮ ਦੇ ਕੋਚ ਅੰਤਰਰਾਸ਼ਟਰੀ ਜੂਡੋ ਖਿਡਾਰੀ ਨਵਜੋਤ ਸਿੰਘ ਚਾਨਾ ਹੁਸ਼ਿਆਰਪੁਰ, ਅਤੇ ਸੁਮਿਤ ਠਾਕੁਰ ਓਲੰਪੀਅਨ ਕੋਚ ਹੋਣਗੇ।ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਦੇ ਸੰਚਾਲਕ ਅਮਰਜੀਤ ਸ਼ਾਸਤਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਵੱਡੇ ਮਾਣ ਵਾਲੀ ਗੱਲ ਹੈ ਕਿ ਇਸ ਟੀਮ ਵਿਚ ਗੁਰਦਾਸਪੁਰ ਦੇ ਪਿਛੋਕੜ ਵਾਲੇ ਵੱਡੀ ਗਿਣਤੀ ਵਿੱਚ ਭਾਗ ਲੈ ਰਹੇ ਹਨ। ਜਿਹਨਾਂ ਵਿਚ ਕਰਨਜੀਤ ਸਿੰਘ ਮਾਨ, ਰਾਕੇਸ਼ ਗਿੱਲ, ਸਾਗਰ ਸ਼ਰਮਾ, ਮਨਪ੍ਰੀਤ ਸਿੰਘ, ਰਣਜੀਤਾ ਸ਼ਾਮਲ ਹਨ। ਇਹਨਾਂ ਖਿਡਾਰੀਆਂ ਦੀ ਚੋਣ ਸੀਨੀਅਰ ਨੈਸ਼ਨਲ ਜੂਡੋ ਚੈਂਪੀਅਨਸ਼ਿਪ ਦਿੱਲੀ ਵਿਚ ਪਹਿਲੇ 16 ਖਿਡਾਰੀਆਂ ਦੇ ਕਰਕੇ ਹੋਈ ਹੈ। ਪੰਜਾਬ ਜੂਡੋ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਰਿੰਦਰ ਕੁਮਾਰ, ਸੀਨੀਅਰ ਮੀਤ ਪ੍ਰਧਾਨ ਵਰਿੰਦਰ ਸਿੰਘ ਸੰਧੂ, ਡੀ ਐਸ ਪੀ ਰਾਜ ਕੁਮਾਰ ਸ਼ਰਮਾ, ਡੀ ਐਸ ਪੀ ਕਪਿਲ ਕੌਸ਼ਲ ਸ਼ਰਮਾ, ਮੈਡਮ ਬਲਵਿੰਦਰ ਕੌਰ ਜਰਨਲ ਸਕੱਤਰ ਗੁਰਦਾਸਪੁਰ ਜੂਡੋ ਐਸੋਸੀਏਸ਼ਨ, ਇੰਸਪੈਕਟਰ ਜਤਿੰਦਰ ਪਾਲ ਸਿੰਘ, ਸਾਹਿਲ ਪਠਾਨੀਆਂ, ਮਿਤ੍ਰ ਬਾਸੂ ਸ਼ਰਮਾ, ਅਮਰਜੀਤ ਸਿੰਘ ਮਨੀ, ਡਾਕਟਰ ਰਵਿੰਦਰ ਸਿੰਘ, ਏ ਡੀ ਓ ਹਰਦੀਪ ਕੁਮਾਰ, ਗਗਨਦੀਪ ਸਿੰਘ, ਦਿਨੇਸ਼ ਕੁਮਾਰ, ਅਤੁਲ ਕੁਮਾਰ ਨੇ ਆਸ ਪ੍ਰਗਟਾਈ ਹੈ ਕਿ ਪੰਜਾਬ ਦੀ ਜੂਡੋ ਟੀਮ ਮੈਡਲ ਜਿੱਤ ਕੇ ਸੂਬੇ ਦਾ ਨਾਮ ਰੌਸ਼ਨ ਕਰੇਗੀ।

# ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਫਗਵਾੜਾ ਵੱਲੋਂ 'ਰਾਸ਼ਟਰੀ ਸਿੱਖਿਆ ਨੀਤੀ ਦੀ ਗੁਣਾਤਮਕ ਸਿੱਖਿਆ ਅਤੇ ਸੋਧੇ ਹੋਏ ਨੈਕ ਮਾਪਦੰਡ ਵਿਸ਼ੇ ਤੇ ਇੱਕ ਰੋਜ਼ਾ ਸੈਮੀਨਾਰ ਤ੍ਰਿਵੇਣੀਦਾ ਆਯੋਜਨ

ਫਗਵਾੜਾ (ਸੁਸ਼ੀਲ ਸ਼ਰਮਾ) ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਫਗਵਾੜਾ (ਆਰ.ਈ.ਸੀ.) ਵੱਲੋਂ 'ਤ੍ਰਿਵੇਣੀ: ਤਿੰਨ ਕਾਲਜਾਂ ਦਾ ਵਿਚਾਰ ਵਟਾਂਦਰਾ'ਅਧੀਨ 'ਰਾਸ਼ਟਰੀ ਸਿੱਖਿਆ ਨੀਤੀ ਦੀ ਗੁਣਾਤਮਕ ਸਿੱਖਿਆ ਅਤੇ ਸੋਧੇ ਹੋਏ ਨੈਕ ਮਾਪਦੰਡ 2024 ਵਿਸ਼ੇ ਤੇ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਸੈਮੀਨਾਰ ਰਾਸ਼ਟਰੀ ਮੁਲਾਂਕਣ ਅਤੇ ਮਾਨਤਾ ਪ੍ਰੀਸ਼ਦ(ਨੈਕ) ਦੁਆਰਾ ਨਿਰੀਖਣ ਲਈਂ ਨਵੇਂ ਪੇਸ਼ ਕੀਤੇ ਬਾਇਨਰੀ ਮਾਪਦੰਡਾਂ ਤੇ ਕੇਂਦਰਿਤ ਸੀ ਇਸ ਸੈਮੀਨਾਰ ਦਾ ਉਦੇਸ਼ ਫੈਕਲਟੀ ਅਤੇ ਪ੍ਰਸ਼ਾਸਕੀ ਸਟਾਫ ਨੂੰ ਨੈਕ ਤੋਂ ਮਾਨਤਾ ਪ੍ਰਾਪਤ ਕਰਨ ਲਈ ਲੋੜੀਂਦੇ ਨਵੇਂ ਮਾਪਦੰਡਾਂ ਬਾਰੇ ਅੱਪਡੇਟ ਕਰਨਾ ਅਤੇ ਇਹ ਯਕੀਨੀ ਬਣਾਉਣਾ ਕਿ ਇਹਨਾਂ ਮਾਪਦੰਡਾਂ ਦੀ ਪਾਲਣਾ ਲਈ ਵਿੱਦਿਅਕ ਸੰਸਥਾਵਾਂ ਪ੍ਰਭਾਵਸ਼ਾਲੀ ਢੰਗ ਨਾਲ ਤਿਆਰੀ ਅਤੇ ਨਿਰੰਤਰ ਸੁਧਾਰ ਲਈ ਵਚਨਬੱਧਤਾ ਦਾ ਪ੍ਰਦਰਸ਼ਨ ਕਰ ਸਕਣ ਆਰ.ਈ.ਸੀ.ਅਧੀਨ ਚੱਲ ਰਹੀਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ,ਅੰਮ੍ਰਿਤਸਰ ਨਾਲ ਸੰਬੰਧਿਤ ਤਿੰਨ ਗ੍ਰਾਂਟ ਇਨ ਏਡ ਸੰਸਥਾਵਾਂ: ਰਾਮਗੜ੍ਹੀਆ ਕਾਲਜ, ਗੁਰੂ ਨਾਨਕ ਭਾਈ ਲਾਲੋ ਰਾਮਗੜ੍ਹੀਆ ਕਾਲਜ ਫਾਰ ਵੂਮੈਨ ਅਤੇ ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਦੇ ਸਾਰੇ ਫੈਕਲਟੀ ਮੈਂਬਰਾਂ ਨੇ ਇਸ ਸੈਮੀਨਾਰ ਵਿੱਚ ਹਿੱਸਾ ਲਿਆ ਇਸ ਸੈਮੀਨਾਰ ਦੇ ਰਿਸੋਰਸ ਪਰਸਨ ਡਾ.ਸੁਰਿੰਦਰ ਜੀਤ ਕੌਰ ਸਨ ਜੋ ਕਿ ਭਾਗ ਲੈਣ ਵਾਲੀਆਂ ਤਿੰਨ ਸੰਸਥਾਵਾਂ ਦੇ ਪ੍ਰਸ਼ਾਸਕ ਅਤੇ ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਦੇ ਪ੍ਰਿੰਸੀਪਲ ਹਨ ਉਹਨਾਂ ਨੇ ਸੋਧੇ ਹੋਏ ਨੈੱਕ ਮਾਪਦੰਡਾਂ ਬਾਰੇ ਵਿਆਪਕ ਜਾਣਕਾਰੀ ਦਿੱਤੀ ਅਤੇ ਕਈ ਮਹੱਤਵਪੂਰਨ ਤਬਦੀਲੀਆਂ ਬਾਰੇ ਵੀ ਵਿਸਥਾਰਪੂਰਵਕ ਦੱਸਿਆ। ਨਵੇਂ ਮਿਆਰ ਨਤੀਜਾ-ਆਧਾਰਿਤ ਸਿੱਖਿਆ ਤੇ ਜ਼ੋਰ ਦਿੰਦੇ ਹਨ ਜਿਸ ਲਈ ਵਿੱਦਿਅਕ ਸੰਸਥਾਵਾਂ ਨੂੰ ਵਿਦਿਆਰਥੀਆਂ




ਦੇ ਸਿੱਖਣ ਨਤੀਜਿਆਂ ਲਈਂ ਇੱਕ ਮਾਪਣਯੋਗ ਪਹੁੰਚ ਅਪਨਾਉਣ ਦੀ ਲੋੜ ਹੈ। ਇਸ ਤੋਂ ਇਲਾਵਾ ਵਰਕਸ਼ਾਪ ਦੌਰਾਨ ਰਿਸੋਰਸ ਪਰਸਨ ਨੇ ਨੈੱਕ ਵਲੋਂ ਅਪਡੇਟ ਕੀਤੇ ਦਿਸ਼ਾ ਨਿਰਦੇਸ਼ਾਂ ਵਿੱਚ ਰਿਸਰਚ ਦੀ ਗੁਣਵੱਤਾ ਅਤੇ ਨਵੀਨਤਾ, ਡਿਜੀਟਲ ਟੂਲਸ ਦੀ ਵਰਤੋਂ, ਵਾਤਾਵਰਣ ਦੀ ਸਥਿਰਤਾ ਤੇ ਸਮਾਜਿਕ ਜ਼ਿੰਮੇਵਾਰੀ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਸਹਾਇਤਾ ਕਰਨ ਵਾਲੀਆਂ ਸੇਵਾਵਾਂ ਤੇ ਧਿਆਨ ਕੇਂਦਰਿਤ ਕਰਨ ਦੀ ਤੀਬਰ ਲੋੜ ਬਾਰੇ ਦੱਸਿਆ॥ ਮਾਹਿਰ ਨੇ ਦੱਸਿਆ ਕਿ ਇਹ ਬਦਲਾਅ ਵਿਦਿਆਰਥੀਆਂ ਨੂੰ ਅਕਾਦਮਿਕ ਤੌਰ ਤੇ ਸਮਰਥਨ ਦੇਣ ਵਿੱਚ ਵਿੱਦਿਅਕ ਸੰਸਥਾਵਾਂ ਦੀ ਭੂਮਿਕਾ ਦੇ ਨਾਲ-ਨਾਲ ਵਿਦਿਆਰਥੀਆਂ ਦੇ ਕਰੀਅਰ ਤੇ ਨਿੱਜੀ ਵਿਕਾਸ ਤੇ ਵੀ ਜ਼ੋਰ ਦਿੰਦੇ ਹਨ ਡਾ.ਸੁਰਿੰਦਰ ਜੀਤ ਕੌਰ ਨੇ ਨਵੇਂ ਮਾਪਦੰਡਾਂ ਨੂੰ ਲਾਗੂ ਕਰਨ ਲਈ ਵਿਹਾਰਕ ਰਣਨੀਤੀਆਂ ਵੀ ਸਾਂਝੀਆਂ ਕੀਤੀਆਂ ਅਤੇ ਇਹ ਵੀ ਸਮਝਾਇਆ ਕਿ ਇਹਨਾਂ ਅਪਡੇਟ ਕੀਤੇ ਬੈਂਚਮਾਰਕਾਂ ਨਾਲ ਆਪਣੇ ਅਭਿਆਸਾਂ ਨੂੰ ਕਿਵੇਂ ਅਮਲੀ ਰੂਪ ਵਿੱਚ ਸਰਵੋਤਮ ਢੰਗ ਨਾਲ ਜੋੜਿਆ ਜਾ ਸਕਦਾ ਹੈ। ਵਰਕਸ਼ਾਪ ਦੇ ਅੰਤ ਵਿੱਚ ਅੰਤਰਕਿਰਿਆ ਸੈਸ਼ਨ ਰੱਖਿਆ ਗਿਆ ਜਿਸ ਵਿੱਚ ਫੈਕਲਟੀ ਮੈਂਬਰਾਂ ਨੇ ਖਾਸ ਚੁਣੌਤੀਆਂ ਅਤੇ ਸੁਝਾਵਾਂ ਬਾਰੇ ਚਰਚਾ ਕੀਤੀ ਸ੍ਰੀਮਤੀ ਮਨਪ੍ਰੀਤ ਕੌਰ ਭੋਗਲ,ਚੇਅਰਪਰਸਨ,ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ,ਡਾ.ਵਿਓਮਾ ਭੋਗਲ ਢੱਟ,ਡਾਇਰੈਕਟਰ, ਰਾਮਗੜ੍ਹੀਆ ਐਜੂਕੇਸ਼ਨਲ ਇੰਸਟੀਟਿਊਸ਼ਨਜ਼ ਅਤੇ ਸ੍ਰੀਮਤੀ ਰਵਨੀਤ ਭੋਗਲ ਕਾਲੜਾ,ਅਡੀਸ਼ਨਲ ਡਾਇਰੈਕਟਰ, ਰਾਮਗੜ੍ਹੀਆ ਐਜੂਕੇਸ਼ਨਲ ਇੰਸਟੀਟਿਊਸ਼ਨਜ਼, ਨੇ ਡਾ.ਸੁਰਿੰਦਰ ਜੀਤ ਕੌਰ ਦੀ ਇਸ ਸੂਝ ਭਰੀ ਪੇਸ਼ਕਾਰੀ ਲਈ ਸ਼ਲਾਘਾ ਕੀਤੀ ਉਹਨਾਂ ਨੇ ਭਾਗੀਦਾਰਾਂ ਨੂੰ ਵਰਕਸ਼ਾਪ ਵਿੱਚ ਸ਼ਮੂਲੀਅਤ ਤੇ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਅਪਡੇਟ ਕੀਤੇ ਮਾਪਦੰਡ ਵਿਸ਼ਵਵਿਆਪੀ ਮਿਆਰਾਂ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦੇ ਹਨ ਅਤੇ ਵਿਦਿਆਰਥੀਆਂ ਦੀ ਸਫਲਤਾ ਤੇ ਭਾਈਚਾਰਕ ਭਲਾਈ ਲਈਂ ਸਾਡੀਆਂ ਸੰਸਥਾਵਾਂ ਨੂੰ ਤਿਆਰ ਕਰਨ ਦੀ ਮਹੱਤਤਾ ਉਜਾਗਰ ਕਰਦੇ ਹਨ। ਇਸ ਸੈਮੀਨਾਰ ਵਿੱਚ ਡਾ.ਮਨਜੀਤ ਸਿੰਘ,ਪ੍ਰਿੰਸੀਪਲ, ਰਾਮਗੜ੍ਹੀਆ ਕਾਲਜ; ਸ੍ਰੀਮਤੀ ਮਨਪ੍ਰੀਤ ਕੌਰ,ਪ੍ਰਿੰਸੀਪਲ ਗੁਰੂ ਨਾਨਕ ਭਾਈ ਲਾਲੋ ਰਾਮਗੜ੍ਹੀਆ ਕਾਲਜ ਫਾਰ ਵੂਮੈਨ ਅਤੇ ਸ੍ਰੀ ਮੁਕੇਸ਼ ਕਾਂਤ,ਚੀਫ ਅਕਾਊਟੈਂਟ, ਆਰ.ਈ.ਸੀ.ਨੇ ਵੀ ਹਾਜ਼ਰੀ ਲਗਵਾਈ ਸ੍ਰੀਮਤੀ ਮਨਪ੍ਰੀਤ ਕੌਰ ਭੋਗਲ ਨੇ ਕਾਲਜਾਂ ਦੀ ਗੁਣਵੱਤਾ ਤੇ ਉੱਤਮਤਾ ਪ੍ਰਤੀ ਵਚਨਬੱਧਤਾ ਅਤੇ ਕਾਲਜ ਨੂੰ ਹੋਰ ਤਰੱਕੀਆਂ ਵੱਲ ਲਿਜਾਣ ਅਤੇ ਅੱਗੇ ਵਧਾਉਣ ਦੇ ਸਾਧਨ ਵਜੋਂ ਇਸ ਸੈਮੀਨਾਰ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ। ਉਹਨਾਂ ਉਮੀਦ ਕੀਤੀ ਕਾਲਜ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰੱਖੇਗਾ।

# ਸੇਂਟ ਸੋਲਜਰ ਕਾਲਜ ਹਦੀਆਬਾਦ ਵਿਖੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ ਨਵੇ ਸਮੈਸਟਰ ਦੀ ਅਰੰਭਤਾ



ਫਗਵਾੜਾ (ਸੁਸ਼ੀਲ ਸ਼ਰਮਾ ) ਸੇਂਟ ਸੋਲਜਰ ਕਾਲਜ ਹਦੀਆਬਾਦ ਫਗਵਾੜਾ ਵਿਖੇ ਨਵੇਂ ਸਮੈਸਟਰ ਦੀ ਅਰੰਭਤਾ ਅਤੇ ਸੇਂਟ ਸੋਲਜਰ ਕਾਲਜੀਏਟ ਸਕੂਲ ਦੇ 10+2 ਦੇ ਵਿਦਿਆਰਥੀਆਂ ਦੀ ਪੇਪਰਾ ਵਿੱਚ ਸਫਲਤਾ ਲਈ ਸ਼੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਪਾਠ ਉਪਰੰਤ ਗੁਰਦੁਆਰਾ ਛੇਵੀਂ ਪਾਤਸ਼ਾਹੀ ਹਦੀਆਬਾਦ ਦੇ ਜੱਥੇ ਨੇ ਕੀਰਤਨ ਸਰਵਣ ਕਰਵਾਇਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਚਾਹ ਦੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ। ਪ੍ਰਿੰਸੀਪਲ ਮੰਜੂ ਸ਼ਰਮਾ ਨੇ ਨਵੇਂ ਸਮੈਸਟਰ ਦੇ ਸਮੂਹ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ 10+2 ਦੇ ਵਿਦਿਆਰਥੀਆਂ ਨੂੰ ਪੇਪਰਾਂ ਦੀ ਤਿਆਰੀ ਬਿਨਾਂ ਕਿਸੇ ਤਨਾਅ ਤੋਂ ਪੂਰੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਆ ਤੇ ਉਹਨਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸਕੂਲ ਸਟਾਫ ਰਿਤੇਸ਼ ਕੁਮਾਰ, ਬਿਕਰਮ ਸਿੰਘ, ਜਸਵਿੰਦਰ ਕੌਰ, ਸਰਬਜੀਤ ਕੌਰ, ਭਾਰਤੀ ਚਾਵਲਾ, ਰਾਕੇਸ਼ ਕੁਮਾਰ, ਕਮਲੇਸ਼ ਕੁਮਾਰੀ, ਮਨੀਸ਼ਾ, ਰਾਜਨਬੀਰ, ਜਸਵਿੰਦਰ ।

# ਬਗਾਨੇ ਵਿਆਹਾਂ 'ਚ ਭੰਗੜੇ ਪਾ ਕੇ ਖੁਸ਼ ਹੋਣਾ ਕਾਂਗਰਸ ਪਾਰਟੀ ਦੀ ਬਣੀ ਮਜਬੂਰੀ: ਜੋਗਿੰਦਰ ਸਿੰਘ ਮਾਨ

ਫਗਵਾੜਾ ( ਸੁਸ਼ੀਲ ਸ਼ਰਮਾ ) ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਹਾਰ ਦਾ ਜਸ਼ਨ ਮਨਾ ਰਹੇ ਕਾਂਗਰਸ ਪਾਰਟੀ ਦੇ ਆਗੂਆਂ ਨੂੰ ਮਖੌਲ ਕਰਦਿਆਂ 'ਆਪ' ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਅੱਜ ਇੱਥੇ ਗੱਲਬਾਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹੁਣ ਬਗਾਨੇ ਵਿਆਹਾਂ 'ਚ ਭੰਗੜੇ ਪਾ ਕੇ ਖੁਸ਼ ਹੋਣ ਤੱਕ ਸੀਮਤ ਹੋ ਕੇ ਰਹਿ ਗਈ ਹੈ। ਕਿਉਂਕਿ ਕਾਂਗਰਸ ਪਾਰਟੀ ਖੁਦ ਚੋਣਾਂ ਜਿੱਤਣ ਦੀ ਸਮਰੱਥਾ ਗੁਆ ਚੁੱਕੀ ਹੈ। ਮਾਨ ਨੇ ਕਿਹਾ ਕਿ ਕਾਂਗਰਸ ਲਈ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਇਸ ਨੇ ਦਿੱਲੀ ਵਿੱਚ ਹਾਰ ਦੀ ਦੋਹਰੀ ਹੈਟ੍ਰਿਕ ਲਗਾਈ ਹੈ। ਦੇਸ਼ ਦੀ ਸਭ ਤੋਂ ਪੁਰਾਣੀ ਅਤੇ ਲੰਮੇਂ ਸਮੇਂ ਤੱਕ ਸੱਤਾ ਵਿਚ ਰਹਿਣ ਦੇ ਬਾਵਜੂਦ ਕਾਂਗਰਸ ਦੀ ਹਾਲਤ ਅਜਿਹੀ ਹੈ ਕਿ ਉਸ ਨੂੰ ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਲੋਕਸਭਾ ਜਾਂ ਵਿਧਾਨ ਸਭਾ ਦੀ ਇੱਕ ਵੀ ਸੀਟ ਨਹੀਂ ਮਿਲਦੀ। ਇੱਥੋਂ ਤੱਕ ਕਿ ਰਾਹੁਲ ਗਾਂਧੀ ਨੂੰ ਲੋਕਸਭਾ ਦੀ ਚੋਣ ਲੜਨ ਲਈ ਕੇਰਲ ਦੇ ਵਾਇਨਾਡ ਵਿੱਚ ਸੁਰੱਖਿਅਤ ਸੀਟ ਲੱਭਣੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਦਿੱਲੀ ਵਿੱਚ 'ਆਪ' ਪਾਰਟੀ ਨੂੰ 22 ਸੀਟਾਂ ਮਿਲੀਆਂ ਹਨ ਪਰ ਇਸ ਦੀ ਵੋਟ ਪ੍ਰਤੀਸ਼ਤਤਾ ਭਾਜਪਾ ਨਾਲੋਂ ਥੋੜ੍ਹੀ ਹੀ ਘੱਟ ਹੈ। ਉਹਨਾਂ ਕਿਹਾ ਕਿ ਵੋਟ ਪ੍ਰਤੀਸ਼ਤ ਮਾਇਨੇ ਰੱਖਦਾ ਹੈ ਤੇ ਸੀਟਾਂ ਦਾ ਘੱਟ ਜਾਂ ਜਿਆਦਾ ਹੋਣਾ ਤਾਂ ਆਂਕੜਿਆਂ ਦੀ ਖੇਡ ਹੈ। ਦਿੱਲੀ ਵਿੱਚ ਸੱਤਾ ਗੁਆਉਣ ਤੋਂ ਬਾਅਦ ਪਾਰਟੀ ਮਜ਼ਬੂਤ ਵਿਰੋਧੀ ਧਿਰ ਦੀ ਭੂਮਿਕਾ ਨਿਭਾਏਗੀ ਅਤੇ ਹੋਰ ਮਜ਼ਬੂਤ ਹੋ ਕੇ ਉੱਭਰੇਗੀ। ਝੂਠ ਬੋਲ ਕੇ ਦਿੱਲੀ ਦੀ ਸੱਤਾ ਹਾਸਲ ਕਰਨ ਵਾਲੀ ਭਾਜਪਾ ਨੂੰ ਵਾਅਦੇ ਪੂਰੇ ਕਰਨ ਲਈ ਮਜਬੂਰ ਕੀਤਾ ਜਾਵੇਗਾ। ਨਾਲ ਹੀ ਦਿੱਲੀ ਵਿੱਚ ਅਰਵਿੰਦ ਕੇਜਰੀਵਾਲ ਸਰਕਾਰ ਵੱਲੋਂ ਲਾਗੂ ਕੀਤੀਆਂ ਸਹੂਲਤਾਂ ਅਤੇ ਸਕੀਮਾਂ ਨੂੰ ਕਿਸੇ ਵੀ ਕੀਮਤ 'ਤੇ ਬੰਦ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ 'ਚ 'ਆਪ' ਦੇ ਟੁੱਟਣ ਦੇ ਸੁਪਨੇ ਦੇਖ ਰਹੇ ਕਾਂਗਰਸ ਪਾਰਟੀ ਦੇ ਆਗੂਆਂ ਨੂੰ ਆਪਣਾ ਕਿਲਾ ਬਚਾਉਣ 'ਤੇ ਧਿਆਨ ਦੇਣਾ ਚਾਹੀਦਾ ਹੈ ਕਿਉਂਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪੰਜਾਬ ਕਾਂਗਰਸ ਦੀ ਹਾਲਤ ਦਿੱਲੀ ਵਰਗੀ ਹੋਣ ਵਾਲੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਅਗਲੀਆਂ ਚੋਣਾਂ ਵਿੱਚ ਪੰਜਾਬ ਵਿੱਚ ਇੱਕ ਵੀ ਵਿਧਾਨਸਭਾ ਸੀਟ ਨਹੀਂ ਜਿੱਤ ਸਕੇਗੀ। ਇੱਕ ਸਵਾਲ ਦੇ ਜਵਾਬ ਵਿੱਚ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣੇ ਸਾਰੇ ਵਾਅਦੇ ਸੌ ਫੀਸਦੀ ਪੂਰੇ ਕਰੇਗੀ। 'ਆਪ' ਪਾਰਟੀ ਦੀ ਹੁਣ ਤੱਕ ਦੀ ਕਾਰਗੁਜ਼ਾਰੀ ਤੋਂ ਸੂਬੇ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ। ਇਸ ਗੱਲ ਦਾ ਅੰਦਾਜ਼ਾ ਇੱਥੋਂ ਲਗਾਇਆ ਜਾ ਸਕਦਾ ਹੈ ਕਿ ਨਿਗਮ ਚੋਣਾਂ ਵਿਚ



'ਆਪ' ਪਾਰਟੀ ਨੂੰ ਨਾ ਸਿਰਫ਼ ਸ਼ਹਿਰੀ ਪੱਧਰ 'ਤੇ ਭਾਰੀ ਜਨ-ਸਮਰਥਨ ਮਿਲਿਆ, ਸਗੋਂ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਪੇਂਡੂ ਖੇਤਰਾਂ ਦੀਆਂ ਪੰਚਾਇਤਾਂ ਅਤੇ ਅਕਾਲੀ, ਭਾਜਪਾ ਤੇ ਕਾਂਗਰਸ ਤੋਂ ਨਿਰਾਸ਼ ਵਰਕਰ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ 'ਆਪ' ਪਾਰਟੀ ਵਿਚ ਸ਼ਾਮਲ ਹੋ ਰਹੇ ਹਨ।

# ਵੱਖ-ਵੱਖ ਆਗੂਆਂ ਨੇ ਦਿੱਤੀਆਂ 648ਵੇਂ ਪ੍ਰਕਾਸ਼ ਪੁਰਬ ਦੀਆਂ ਸ਼ੁੱਭ ਇੱਛਾਵਾਂ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਪ੍ਰਕਾਸ਼ ਪੁਰਬ ਦੀ ਸਮੂਹ ਇਲਾਕਾ ਨਿਵਾਸੀਆਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਸਾਂਈ ਕਰਨੈਲ ਸ਼ਾਹ ਗੱਦੀ ਨਸ਼ੀਨ ਨੂਰ-ਏ-ਖੁਦਾ ਬਾਬਾ ਮੰਗੂ ਸ਼ਾਹ ਦਰਬਾਰ ਸਾਹਨੀ, ਰਿਟਾ ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ, ਮਲਕੀਤ ਚੰਦ ਕੰਗ ਪੰਚਾਇਤ ਸਕੱਤਰ ਬੀ.ਡੀ.ਪੀ.ਓ. ਦਫਤਰ ਫਗਵਾੜਾ, ਕੁਲਵਿੰਦਰ ਸਿੰਘ ਕਾਲਾ ਸੀਨੀਅਰ ਕਿਸਾਨ ਆਗੂ ਅਤੇ ਸਰਪੰਚ ਪਿੰਡ ਅਠੌਲੀ, ਅਮਨਦੀਪ ਕੈਲੇ ਜੇ.ਈ. ਬੀ.ਡੀ.ਪੀ.ਓ. ਦਫਤਰ ਫਗਵਾੜਾ ਅਤੇ ਹਰਵਿੰਦਰ ਸਿੰਘ ਖੁਨਖੁਨ ਬਲਾਕ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਨੇ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਨੂੰ ਆਪਸੀ ਏਕਤਾ ਅਤੇ ਭਾਈਚਾਰਕ ਸਾਂਝ ਦਾ ਉਪਦੇਸ਼ ਦਿੱਤਾ ਹੈ। ਸਾਨੂੰ ਗੁਰੂ ਸਾਹਿਬ ਦੇ ਬੇਗਮਪੁਰਾ ਵਸਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਵਿਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ। ਆਗੂਆਂ ਨੇ ਕਿਹਾ ਕਿ ਸੰਤ, ਮਹਾਪੁਰਖ, ਗੁਰੂ, ਪੀਰ, ਫਕੀਰ ਤੇ ਪੈਗੰਬਰ ਸਾਰਿਆਂ ਦੇ ਸਾਂਝੇ ਹੁੰਦੇ ਹਨ। ਇਹਨਾਂ ਨੂੰ ਕਿਸੇ ਇੱਕ ਕੌਮ ਅਤੇ ਜਾਤੀ ਨਾਲ ਜੋੜ ਕੇ ਨਹੀਂ ਦੇਖਿਆ ਜਾਣਾ ਚਾਹੀਦਾ। ਉਹਨਾਂ ਅਜੋਕੀ ਨੌਜਵਾਨ ਪੀੜ੍ਹੀ ਨੂੰ ਗੁਰੂ ਮਹਾਰਾਜ ਦੀ ਬਾਣੀ ਤੋਂ ਸੇਧ ਲੈ ਕੇ ਉਹਨਾਂ ਦੀਆਂ ਸਿੱਖਿਆਵਾਂ ਤੇ ਚਲਦੇ ਹੋਏ ਗੁਰੂ ਸਾਹਿਬ ਦੇ ਸੁਪਨਿਆਂ ਦੇ ਸਮਾਜ ਦੀ ਸਿਰਜਣਾ ਕਰਨ ਵਿਚ ਯੋਗਦਾਨ ਪਾਉਣ ਦੀ ਪੁਰਜੋਰ ਅਪੀਲ ਕੀਤੀ ਅਤੇ ਹੱਥੀਂ ਮਿਹਨਤ ਕਰਨ ਲਈ ਪ੍ਰੇਰਿਆ।

# ਹਰ.ਫ ਕਾਲਜ, ਮਾਲੇਰਕੋਟਲਾ ਵਿੱਚ ਸੱਤ ਰੋਜ਼ਾ ਐਨ.ਐਸ. ਐਸ. ਕੈਂਪ ਦਾ ਸ.ਫਲ ਸਮਾਪਣ







ਮਾਲੇਰਕੋਟਲਾ ਹਰ.ਫ ਕਾਲਜ ਮਾਲੇਰਕੋਟਲਾ ਵਿਖੇ ਪੰਜਾਬੀ ਯੂਨੀਵਰਸਿਟੀ,ਪਟਿਆਲਾ ਅਧੀਨ ਮਿਤੀ 31 ਜਨਵਰੀ, 2025 ਤੋਂ ਮਿਤੀ 06 ਫਰਵਰੀ, 2025 ਤੱਕ ਲਗਾਏ ਗਏ ਐਨ.ਐਸ.ਐਸ. ਕੈਂਪ ਦਾ ਸ.ਫਲ ਸਮਾਪਣ 06 ਜਨਵਰੀ ਨੂੰ ਹੋ ਗਿਆ। ਇਸ ਕੈਂਪ ਵਿੱਚ 34 ਵਿਦਿਆਰਥੀ / ਵਿਦਿਆਰਥਣਾਂ ਨੇ ਭਾਗ ਲਿਆ। ਇਸ ਕੈਂਪ ਦੇ ਸਮਾਪਣ ਸਮਾਰੋਹ ਵਿੱਚ ਹਰ.ਫ ਚੈਰੀਟੇਬਲ ਟਰੱਸਟ ਅਤੇ ਹਰ.ਫ ਕਾਲਜ ਦੇ ਚੇਅਰਮੈਨ ਸ਼੍ਰੀ.ਅਮਜਦ ਅਲੀ ਬਤੌਰ ਮੁੱਖ ਮਹਿਮਾਨ ਤਸ਼ਰੀ.ਫ ਲਿਆਏ ਅਤੇ ਉਨ੍ਹਾਂ ਦੇ ਨਾਲ ਜਰਨਲਿਸਟ ਸ਼੍ਰੀ ਅਸਲਮ ਨਾਜ਼ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਮਹਿਮਾਨਾਂ ਨੂੰ ਹਰ.ਫ ਕਾਲਜ ਦੇ ਪ੍ਰਿੰਸੀਪਲ ਪ੍ਰੋ. ਅਮਰਜੀਤ ਸਿੰਘ ਨੇ ਜੀ ਆਇਆਂ ਕਿਹਾ। ਪ੍ਰੋ. ਧਨਵੰਤ ਸਿੰਘ, ਪ੍ਰੋਗਰਾਮ ਅ.ਫਸਰ ਨੇ ਕੈਂਪ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ। ਵਿਦਿਆਰਥੀ ਵਾਲੰਟੀਅਰਜ਼ ਨੇ ਇਸ ਕੈਂਪ ਵਿੱਚ ਸੱਤ ਦਿਨਾਂ ਦੌਰਾਨ ਕਾਲਜ ਦੇ ਆਲੇ ਦੁਆਲੇ ਦੀ ਸ.ਫਾਈ, ਕਾਲਜ ਵਿੱਚ ਸਫੈਦੀ, ਬੂਟਿਆ ਦੀ ਸੰਭਾਲ, ਕਾਲਜ ਨੇੜੇ ਗੁਰਦਵਾਰਾ ਸਾਹਿਬ ਵਿੱਚ ਸੇਵਾ,ਮਸਜਿਦ ਵਿੱਚ ਕੰਮ,ਸ.ਫਾਈ ਆਦਿ ਤੋਂ ਇਲਾਵਾ ਲੈਕਚਰ ਸੈਸ਼ਨ,ਸਭਿਆਚਾਰਕ ਮੁਕਾਬਲੇ, ਖੇਡਾਂ ਆਦਿ ਵਿੱਚ ਭਾਗ ਲਿਆ। ਪ੍ਰੋ. ਧਨਵੰਤ ਸਿੰਘ ਨੇ ਸਰੀਰਕ ਅਤੇ ਮਾਨਸਿਕ ਸਿਹਤ ਬਾਰੇ ਹਰ ਰੋਜ਼ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਅਤੇ ਅਭਿਆਸ ਕਰਵਾਇਆ।ਮੁੱਖ ਮਹਿਮਾਨ ਸ਼੍ਰੀ. ਅਮਜਦ ਅਲੀ ਨੇ ਵਿਦਿਆਰਥੀ ਵਾਲੰਟੀਅਰਜ਼ ਵਲੋਂ ਕੀਤੇ ਕੰਮਾਂ ਦੀ ਸ਼ਲਾਘਾ ਕਰਦੇ ਕਿਹਾ ਕਿ ਨਿਸੁਆਰਥ ਸੇਵਾ, ਆਲੇ ਦੁਆਲੇ ਦੀ ਸ.ਫਾਈ ਅਤੇ ਹੱਥੀਂ ਕੰਮ ਕਰਨਾ ਵਿਦਿਆਰਥੀਆਂ ਦੇ ਆਦਰਸ਼ਕ ਗੁਣ ਹਨ। ਉਹਨਾਂ ਵਿਦਿਆਰਥੀਆਂ ਨੂੰ ਖਾਣੇ ਨੂੰ ਬਚਾਉਣ, ਸਵੱਛ ਸੋਚ ਅਤੇ ਵਾਤਾਵਰਨ ਦੀ ਉਸਾਰੀ ਕਰਨ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਪ੍ਰੇਰਨਾ ਦਿੱਤੀ।ਉਹਨਾਂ ਆਪਣੇ ਕਰ ਕਮਲਾਂ ਨਾਲ ਵਾਲੰਟੀਅਰਜ਼ ਨੂੰ ਇਨਾਮ ਵੰਡੇ।ਇਸ ਮੌਕੇ ਸ਼੍ਰੀ ਅਸਲਮ ਨਾਜ਼ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਵਿਦਿਆਰਥੀ ਵਾਲੰਟੀਅਰ ਮੁਹੰਮਦ ਆਸਿਫ ਨੇ ਐਨ.ਐਸ. ਐਸ. ਕੈਂਪ ਵਿੱਚ ਸਭ ਦਾ ਸਵਾਗਤ ਕੀਤਾ, ਸਾਨੀਆ ਨੇ ਸਫਲਤਾ ਦੀ ਮਹੱਤਤਾ 'ਤੇ ਵਿਚਾਰ ਪੇਸ਼ ਕੀਤੇ। ਮੰਚ ਦਾ ਸੰਚਾਲਣ ਵਿਦਿਆਰਥੀ ਵਾਲੰਟੀਅਰ ਸਾਰਾ ਨੇ ਬਾਖੂਬੀ ਸੰਭਾਲਿਆ। ਕਾਲਜ ਦੇ ਪ੍ਰਿੰਸੀਪਲ ਪ੍ਰੋ. ਅਮਰਜੀਤ ਸਿੰਘ ਨੇ ਸਭ ਦਾ ਧੰਨਵਾਦ ਕੀਤਾ।

ਵਿਦਿਆਰਥਣਾਂ ਵਿੱਚੋਂ ਹਰਮਨਜੋਤ ਕੌਰ (ਬੀ.ਏ. ਭਾਗ ਦੂਜਾ) ਅਤੇ ਵਿਦਿਆਰਥੀਆਂ ਵਿੱਚੋਂ ਮੁਹੰਮਦ ਆਸਿਫ (ਬੀ.ਏ. ਭਾਗ ਪਹਿਲਾ) ਬੈਸਟ ਵਾਲੰਟੀਅਰ ਐਲਾਨੇ ਗਏ। ਵੱਖ ਵੱਖ ਪ੍ਰਾਪਤੀਆਂ ਲਈ ਸਾਰੇ ਵਾਲੰਟੀਅਰਜ਼ ਨੂੰ ਵੀ ਇਨਾਮ ਦਿੱਤੇ ਗਏ।

# ਸਰਕਾਰੀ ਹਸਪਤਾਲ ਬੜਾ ਪਿੰਡ ਵੱਲੋ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਕੈਂਪ



ਫ਼ਗਵਾੜਾ-ਬੜਾ ਪਿੰਡ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅੱਜ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਲੋ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਇੱਕ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ।

ਸੀਨੀਅਰ ਮੈਡੀਕਲ ਅ.ਫਸਰ ਡਾ.ਅਮਿਤਾ ਲੂਨਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਗਰਭਵਤੀ ਔਰਤਾਂ ਨੂੰ ਮੁ.ਫਤ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।

ਕੈਂਪ ਵਿੱਚ ਗਰਭਵਤੀ ਔਰਤਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਗਰਭ ਅਵਸਥਾ ਦੌਰਾਨ ਆਪਣੀ ਸਿਹਤ ਦਾ ਖਿਆਲ ਰੱਖਣ ਲਈ ਜ਼ਰੂਰੀ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ,ਉਨ੍ਹਾਂ ਨੂੰ ਪੌਸ਼ਟਿਕ ਭੋਜਨ ਅਤੇ ਸਿਹਤ ਸੰਬੰਧੀ ਹੋਰ ਮਹੱਤਵਪੂਰਨ ਗੱਲਾਂ ਬਾਰੇ ਵੀ ਦੱਸਿਆ ਗਿਆ।

ਮੈਡੀਕਲ ਅ.ਫਸਰ ਡਾ.ਮਮਤਾ ਗੌਤਮ ਨੇ ਦੱਸਿਆ ਕਿ ਇਸ ਕੈਂਪ ਦੇ ਆਯੋਜਨ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ ਅਤੇ ਨਵਜਾਤ ਬੱਚਿਆਂ ਦੀ ਸਿਹਤ ਨੂੰ ਯਕੀਨੀ ਬਣਾਉਣਾ ਹੈ। ਇਸ ਕੈਂਪ ਵਿੱਚ ਮੁਫਤ ਦਵਾਈਆ ਦੇ ਨਾਲ ਗਰਭਵਤੀ ਔਰਤਾ ਦਾ ਮੁੱਫਤ ਚੈਕ-ਅੱਪ ਕੀਤਾ ਗਿਆ ਅਤੇ ਮੁਫਤ ਪੌਸ਼ਟਿਕ ਖ਼ੁਰਾਕ ਦਿਤੀ ਗਈ।

# ਡਿਲੀਵਰੀ ਪੁਆਇੰਟਾਂ ਤੇ ਹੀ ਨਵਜੰਮੇ ਬੱਚੇ ਦੀ ਪੂਰੀ ਤਰ੍ਹਾਂ ਡਾਕਟਰੀ ਜਾਂਚ ਕਰਨਾ ਸੁਨਿਸ਼ਚਿਤ ਕੀਤਾ ਜਾਵੇ-ਸਿਵਲ ਸਰਜਨ ਡਾ.ਗੁਰਮੀਤ ਲਾਲ



ਫ਼ਗਵਾੜਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੀ ਅਗਵਾਈ ਹੇਠ ਕਾਨਫਰੰਸ ਹਾਲ ਨਰਸਿੰਗ ਸਕੂਲ ਜਲੰਧਰ ਵਿਖੇ ਸੋਮਵਾਰ ਨੂੰ ਨਵਜੰਮੇ ਬੱਚਿਆਂ ਚ ਜਮਾਂਦਰੂ ਨੁਕਸਾਂ ਦੀ ਪਛਾਣ ਲਈ ਡਿਲੀਵਰੀ ਪੁਆਇੰਟਾ ਤੇ ਤੈਨਾਤ ਮੈਡੀਕਲ ਅ.ਫਸਰਾਂ ਅਤੇ ਸਟਾਫ ਨਰਸਾਂ ਲਈ ਇਕ ਰੋਜਾ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਟ੍ਰੇਨਿੰਗ ਦੀ ਸ਼ੁਰੂਆਤ ਕਰਦਿਆਂ ਸਿਵਲ ਸਰਜਨ ਵੱਲੋਂ ਦੱਸਿਆ ਗਿਆ ਕਿ ਜਮਾਂਦਰੂ ਨੁਕਸਾਂ ਦੀ ਪਛਾਣ ਲਈ ਸਿਹਤ ਸੰਸਥਾਵਾਂ ਦੇ ਡਿਲੀਵਰੀ ਪੁਆਇੰਟਾਂ ਤੇ ਹੀ ਡਿਲੀਵਰੀ ਹੋਣ ਸਮੇਂ ਅਤੇ ਹਸਪਤਾਲ ਤੋਂ ਡਿਸਚਾਰਜ (ਛੁੱਟੀ) ਮਿਲਣ ਤੋਂ ਪਹਿਲਾਂ ਬੱਚੇ ਦੀ ਪੂਰੀ ਤਰ੍ਹਾਂ ਡਾਕਟਰੀ ਜਾਂਚ ਕਰਵਾਉਣਾ ਸੁਨਿਸ਼ਚਿਤ ਕੀਤਾ ਜਾਵੇ ਤਾਂ ਜੋ ਜਮਾਂਦਰੂ ਨੁਕਸ ਹੋਣ ਦੀ ਸਥਿਤੀ ਵਿੱਚ ਬੱਚੇ ਨੂੰ ਆਰ.ਬੀ.ਐਸ.ਕੇ.ਤਹਿਤ ਮੁ.ਫਤ ਇਲਾਜ ਦੀ ਸੁਵਿਧਾ ਦਾ ਲਾਭ ਮਿਲ ਸਕੇ।

ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਦੱਸਿਆ ਕਿ ਰਾਸ਼ਟਰੀ ਬਾਲ ਸਵਾਸਥ ਕਾਰਯਕ੍ਰਮ (ਆਰ.ਬੀ.ਐਸ.ਕੇ.) ਦੇ ਅੰਤਰਗਤ ਬੱਚਿਆਂ ਦੀਆਂ 30 ਤਰ੍ਹਾਂ ਦੀਆਂ ਬੀਮਾਰੀਆਂ ਦਾ ਇਲਾਜ ਮੁ.ਫਤ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਨਵਜੰਮੇ ਬੱਚਿਆਂ ਦੀ ਸਕਰੀਨਿੰਗ ਬਹੁਤ ਮਹੱਤਵਪੂਰਨ ਅਤੇ ਜਰੂਰੀ ਹੈ, ਇਸ ਦੇ ਨਾਲ ਬੱਚਿਆਂ ਵਿੱਚ ਜਮਾਂਦਰੂ ਨੁਕਸਾਂ ਦੀ ਸਮੇਂ ਸਿਰ ਪਛਾਣ ਕਰਨ ਅਤੇ ਸ਼ੁਰੂਆਤੀ ਇਲਾਜ ਪ੍ਰਬੰਧਨ ਪੂਰਾ ਕਰਨ ਵਿੱਚ ਮਦਦ ਮਿਲਦੀ ਹੈ। ਉਨ੍ਹਾਂ ਨੇ ਸਟਾਫ ਨੂੰ ਗਰਭਵਤੀ ਔਰਤਾਂ, ਨਵਜੰਮੇ ਬੱਚਿਆਂ ਦੀਆਂ ਮਾਂਵਾਂ ਅਤੇ ਉਨ੍ਹਾਂ ਦੇ ਸੰਬੰਧੀਆਂ ਨੂੰ ਨਵਜੰਮੇ ਬੱਚਿਆਂ ਦੀ ਮੁੱਢਲੀ ਦੇਖਭਾਲ ਨੂੰ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ।

ਟ੍ਰੇਨਿੰਗ ਸੈਸ਼ਨ ਦੌਰਾਨ ਬੱਚਿਆਂ ਦੇ ਰੋਗਾਂ ਦੇ ਮਾਹਿਰ ਡਾ. ਰਿਸ਼ੀ ਮਾਰਕੰਡਾ ਵੱਲੋਂ ਦੱਸਿਆ ਗਿਆ ਕਿ ਨਵਜੰਮੇ ਬੱਚਿਆਂ ਚ 9 ਤਰ੍ਹਾਂ ਦੀਆਂ ਜਮਾਂਦਰੂ ਬਿਮਾਰੀਆਂ ਰੀੜ੍ਹ ਦੀ ਹੱਡੀ ਵਿੱਚ ਸੋਜ ਜਾ ਫੋੜਾ, ਡਾਉਨ ਸਿਨਡ੍ਰੋਮ, ਖੰਡਾ (ਕਲੈਫਟ ਲਿਪ ਅਤੇ ਕਲੈਫਟ ਪੈਲੇਟ), ਟੇਢੇ ਪੈਰ,ਚੂਲੇ ਦਾ ਠੀਕ ਤਰ੍ਹਾਂ ਵਿਕਸਤ ਨਾ ਹੋਣਾ,ਜਮਾਂਦਰੂ ਬੋਲਾਪਣ,ਜਮਾਂਦਰੂ ਦਿਲ ਦੀਆਂ ਬਿਮਾਰੀਆਂ,ਜਮਾਂਦਰੂ ਚਿੱਟਾ ਮੋਤੀਆ ਅਤੇ ਸਮੇਂ ਤੋਂ ਪਹਿਲੇ ਜੰਮੇ ਬੱਚਿਆਂ ਵਿੱਚ ਅੱਖਾਂ ਦੇ ਪਰਦੇ ਦਾ ਨੁਕਸ ਦੀ ਸਕ੍ਰੀਨਿੰਗ (ਸਿਹਤ ਜਾਂਚ) ਸਿਹਤ ਸੰਸਥਾਵਾਂ ਵਿਖੇ ਹਰ ਡਿਲੀਵਰੀ ਪੁਆਇੰਟ ਤੇ ਕੀਤੀ ਜਾਵੇ। ਇਸ ਮੌਕੇ ਜਿਲ੍ਹਾ ਟੀਕਾਕਰਨ ਅ.ਫਸਰ ਡਾ.ਰਾਕੇਸ਼ ਚੋਪੜਾ, ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅ.ਫਸਰ ਗੁਰਦੀਪ ਸਿੰਘ,ਆਰ.ਬੀ.ਐਸ.ਕੇ.ਕੋਆਰਡੀਨੇਟਰ ਪਰਮਵੀਰ ਝੱਮਟ,ਜਿਲ੍ਹਾ ਬੀ.ਸੀ.ਸੀ.ਕੋਆਰਡੀਨੇਟਰ ਨੀਰਜ ਸ਼ਰਮਾ ਮੌਜੂਦ ਸਨ।

# ਹਲਕਾ ਵਿਧਾਇਕ ਸ੍ਰ.ਬਲਵਿੰਦਰ ਸਿੰਘ ਧਾਲੀਵਾਲ ਨੇ ਸੰਜੀਵ ਬੁੱਗਾ ਦੇ ਜਨਮਦਿਨ ਤੇ ਸ਼ੁਭ ਕਾਮਨਾਵਾਂ ਦਿੱਤੀਆਂ



ਫਗਵਾੜਾ (ਸੁਸ਼ੀਲ ਸ਼ਰਮਾ) ਅੱਜ ਬਲਾਕ ਕਾਂਗਰਸ ਕਮੇਟੀ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਕਾਂਗਰਸੀ ਆਗੂ ਸੰਜੀਵ ਬੁੱਗਾ ਦਾ ਜਨਮਦਿਨ ਹਲਕਾ ਵਿਧਾਇਕ ਸ੍ਰ. ਬਲਵਿੰਦਰ ਸਿੰਘ ਧਾਲੀਵਾਲ ਦੇ ਗ੍ਰਹਿ ਵਿਖੇ ਕੇਕ ਕੱਟ ਕੇ ਮਨਾਇਆ ਗਿਆ। ਇਸ ਮੌਕੇ ਸ੍ਰ.ਬਲਵਿੰਦਰ ਸਿੰਘ ਧਾਲੀਵਾਲ ਨੇ ਸੰਜੀਵ ਬੁੱਗਾ ਨੂੰ ਕੇਕ ਖੁਆ ਉਨ੍ਹਾਂ ਦੀ ਚੜ੍ਹਦੀ ਕਲਾ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਤਰਨਜੀਤ ਸਿੰਘ ਬੰਟੀ ਵਾਲੀਆ ਸ਼ਹਿਰੀ ਪ੍ਰਧਾਨ ਬਲਾਕ ਕਾਂਗਰਸ ਕਮੇਟੀ,ਕਮਲ ਧਾਲੀਵਾਲ,ਬੌਬੀ ਬੋਹਰਾ,ਅਸ਼ੋਕ ਭਾਟੀਆ,ਸੰਜੀਵ ਸ਼ਰਮਾ ਟੀਟੂੰ, ਡਾ.ਰਮਨ,ਨਰਿੰਦਰ ਪਾਲ ਸਿੰਘ ਮਾਹੀ,ਅਮਰਿੰਦਰ ਸਿੰਘ, ਪ੍ਰਮਿੰਦਰ ਸਿੰਘ,ਪ੍ਰਮੋਦ ਜੋਸ਼ੀ,ਹੈਪੀ ਡਾਬਰ,ਯਸ਼ ਬਰਨਾ, ਐਡਵੋਕੇਟ ਦਰਸ਼ਨ ਸਿੰਘ,ਅਮਰਜੀਤ ਨਿੱਝਰ ਆਦਿ ਨੇ ਵੀ ਸੰਜੀਵ ਬੁੱਗਾ ਨੂੰ ਉਨ੍ਹਾਂ ਦੇ ਜਨਮਦਿਨ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਵਿੱਡੇ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL 64 YEARS EXCELLENCE
SINCE 1958
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565